SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steeles Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 225 | Monday, December 11, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਫੈਡਰਲ ਡੈਂਟਲ ਇੰਸ਼ੋਰੈਂਸ ਪ੍ਰੋਗਰਾਮ ਦੀ ਸ਼ੁਰੂਆਤ 2024 ਦੇ ਅੱਧ ਤੋਂ ਹੋਣ ਦੀ ਸੰਭਾਵਨਾ

ਓਟਵਾ, 10 ਦਸੰਬਰ (ਪੋਸਟ ਬਿਊਰੋ) : ਸਰਕਾਰੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਨਵਾਂ ਫੈਡਰਲ ਡੈਂਟਲ ਇੰਸ਼ੋਰੈਂਸ ਪਲੈਨ ਹੌਲੀ ਹੌਲੀ 2024 ਵਿੱਚ ਲਾਗੂ ਹੋਵੇਗਾ। ਇਸ ਦੇ ਪਹਿਲੇ ਕਲੇਮਜ਼ ਮਈ ਵਿੱਚ ਪ੍ਰੋਸੈੱਸ ਹੋਣੇ ਸ਼ੁਰੂ ਹੋਣਗੇ।

ਆਪਣਾ ਨਾਂ ਗੁਪਤ ਰੱਖਣ ਦੀ ਸੂਰਤ ਵਿੱਚ ਅਧਿਕਾਰੀਆਂ ਵੱਲੋਂ ਇਹ ਜਾਣਕਾਰੀ ਦਿੱਤੀ ਗਈ। ਉਨ੍ਹਾਂ ਆਖਿਆ ਕਿ 13 ਬਿਲੀਅਨ ਡਾਲਰ ਦੇ ਇਸ ਪ੍ਰੋਗਰਾਮ ਦੇ ਵੇਰਵੇ ਸੋਮਵਾਰ ਸਵੇਰੇ ਪ੍ਰੈੱਸ ਕਾਨਫਰੰਸ ਵਿੱਚ ਐਲਾਨੇ ਜਾਣ ਦੀ ਸੰਭਾਵਨਾ ਹੈ। ਇਹ ਇੰਸ਼ੋਰੈਂਸ ਪਲੈਨ ਲਿਬਰਲਾਂ ਤੇ ਐਨਡੀਪੀ ਦਰਮਿਆਨ ਹੋਏ ਸਪਲਾਈ ਐਂਡ ਕੌਨਫੀਡੈਂਸ ਡੀਲ ਦੀ ਪਹਿਲੀ ਸ਼ਰਤ ਹੈ। ਇਸ ਡੀਲ ਵਿੱਚ ਅਜਿਹਾ ਪਲੈਨ ਤਿਆਰ ਕਰਨ ਦੀ ਮੰਗ ਕੀਤੀ ਗਈ ਜਿਸ ਤਹਿਤ ਘੱਟ ਤੇ ਦਰਮਿਆਨੀ ਆਮਦਨ ਵਾਲੇ ਕੈਨੇਡੀਅਨਜ਼ ਨੂੰ ਪ੍ਰਾਈਵੇਟ ਇੰਸ਼ੋਰੈਂਸ ਤੋਂ ਬਿਨਾਂ ਡੈਂਟਲ ਫਾਇਦੇ ਮਿਲ ਸਕਣ।

ਇਸ ਸਬੰਧੀ ਅਰਜ਼ੀਆਂ ਅਗਲੇ ਹਫਤੇ ਤੋਂ ਖੁੱਲ੍ਹਣ ਦੀ ਉਮੀਦ ਹੈ, ਜਿਨ੍ਹਾਂ ਵਿੱਚ ਸੱਭ ਤੋਂ ਪਹਿਲਾਂ 87 ਸਾਲਾਂ ਤੋਂ ਵੱਧ ਦੇ ਬਜ਼ੁਰਗਾਂ ਨੂੰ ਫਾਇਦਾ ਹੋਵੇਗਾ ਪਰ ਉਨ੍ਹਾਂ ਵੱਲੋਂ ਕਲੇਮ ਦੇ ਫਾਇਦੇ ਹਾਸਲ ਕਰਨ ਵਿੱਚ ਕਈ ਮਹੀਨਿਆਂ ਦਾ ਸਮਾਂ ਲੱਗ ਸਕਦਾ ਹੈ। ਫਿਰ ਹੌਲੀ ਹੌਲੀ ਇਸ ਪ੍ਰੋਗਰਾਮ ਵਿੱਚ ਸਾਰੇ ਬਜ਼ੁਰਗਾਂ, 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੇ ਅਪਾਹਜ ਲੋਕਾਂ ਨੂੰ ਸ਼ਾਮਲ ਕੀਤਾ ਜਾਵੇਗਾ।



## ਰਿਹਾਇਸ਼ੀ ਬਿਲਡਿੰਗ ਵਿੱਚ 2 ਬੱਚਿਆਂ ਸਮੇਤ 3 ਵਿਅਕਤੀ ਮਿਲੇ ਬੇਸੁੱਧ

ਸਕਾਰਬਰੋ, 10 ਦਸੰਬਰ (ਪੋਸਟ ਬਿਊਰੋ) : ਐਤਵਾਰ ਰਾਤ ਨੂੰ ਸਕਾਰ-ਬਰੋ ਦੀ ਇੱਕ ਰਿਹਾਇਸ਼ੀ ਬਿਲਡਿੰਗ ਵਿੱਚ ਦੋ ਬੱਚਿਆਂ ਤੇ ਇੱਕ ਬਾਲਗ ਸਮੇਤ ਤਿੰਨ ਵਿਅਕਤੀ ਬੇਸੁੱਧ ਹਾਲਤ ਵਿੱਚ ਮਿਲੇ। ਉਨ੍ਹਾਂ ਦਾ ਸਾਹ-ਸਤ ਨਹੀਂ ਸੀ ਚੱਲ ਰਿਹਾ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।



ਜਾਂਚਕਾਰਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਰਾਤੀਂ 7:30 ਤੋਂ ਬਾਅਦ ਕੈਨੇਡੀ ਤੇ ਐਲਸਮੇਅਰ ਰੋਡਜ਼ ਨੇੜੇ ਗਲੈਮੌਰਗਨ ਐਵਨਿਊ ਵਿੱਚ ਸੱਦਿਆ ਗਿਆ, ਜਿੱਥੇ ਇੱਕ ਮਹਿਲਾ ਬਿਲਡਿੰਗ ਦੇ ਬਾਹਰ ਗੰਭੀਰ ਹਾਲਤ ਵਿੱਚ ਮਿਲੀ ਜਦਕਿ ਬੱਚੇ ਅਪਾਰਟਮੈਂਟ ਯੂਨਿਟ ਦੇ ਅੰਦਰ ਨਾਜ਼ੁਕ ਹਾਲਤ ਵਿੱਚ ਮਿਲੇ। ਪੁਲਿਸ ਵੱਲੋਂ ਅਜੇ ਮਾਮਲੇ ਦੀ ਹੋਰ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ ਹੈ। ਇਹ ਮਾਮਲਾ ਨਾ ਤਾਂ ਸ਼ੂਟਿੰਗ ਦਾ ਨਜ਼ਰ ਆ ਰਿਹਾ ਹੈ ਤੇ ਨਾ ਹੀ ਛੁਰੇਬਾਜ਼ੀ ਦਾ ਨਜ਼ਰ ਆ ਰਿਹਾ ਹੈ।

ਤਿੰਨਾਂ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ। ਪੈਰਾਮੈਡਿਕਸ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਦੋ ਬੱਚਿਆਂ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਪਰ ਉਨ੍ਹਾਂ ਦੀ ਹਾਲਤ ਕਿਹੋ ਜਿਹੀ ਸੀ ਇਸ ਬਾਰੇ ਕੋਈ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ।

## ਨੌਜਵਾਨ ਨੂੰ ਗੋਲੀ ਮਾਰਨ ਵਾਲੇ ਦੋ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ

ਡੇਵਨਪੋਰਟ, 10 ਦਸੰਬਰ (ਪੋਸਟ ਬਿਊਰੋ) : ਡੇਵਨਪੋਰਟ ਏਰੀਏ ਵਿੱਚ ਇੱਕ ਵਿਅਕਤੀ ਨੂੰ ਗੋਲੀ ਮਾਰਨ ਦੇ ਮਾਮਲੇ ਵਿੱਚ ਪੁਲਿਸ ਵੱਲੋਂ ਦੋ ਮਸ਼ਕੂਕਾਂ ਦੀ ਭਾਲ ਕੀਤੀ ਜਾ ਰਹੀ ਹੈ।

ਜਾਂਚਕਾਰਾਂ ਨੂੰ ਗੋਲੀ ਚੱਲਣ ਦੀਆਂ ਰਿਪੋਰਟਾਂ ਦੇ ਕੇ ਐਤਵਾਰ ਸ਼ਾਮੀਂ 5:00 ਵਜੇ ਤੋਂ ਬਾਅਦ ਸ਼ਾਅ ਸਟਰੀਟ ਤੇ ਵਿਚਕ੍ਰੈਸਟ ਐਵਨਿਊ ਇਲਾਕੇ ਵਿੱਚ ਸੱਦਿਆ ਗਿਆ। ਪੈਰਾਮੈਡਿਕਸ ਨੇ ਦੱਸਿਆ ਕਿ ਇੱਕ ਨੌਜਵਾਨ ਨੂੰ ਐਮਰਜੰਸੀ ਰੰਨ ਰਾਹੀਂ ਨੇੜਲੇ ਟਰੌਮਾ ਸੈਂਟਰ ਲਿਜਾਇਆ ਗਿਆ। ਉਸ ਦੇ ਬਚਣ ਦੀ ਸੰਭਾਵਨਾ ਬਹੁਤ ਘੱਟ ਦੱਸੀ ਜਾ ਰਹੀ ਹੈ।




ਪੁਲਿਸ ਨੇ ਦੱਸਿਆ ਕਿ ਦੋ ਮਸ਼ਕੂਕ, ਜਿਨ੍ਹਾਂ ਨੇ ਗ੍ਰੇਅ ਤੇ ਕਾਲੀਆਂ ਬਾਂਬਰ ਜੈਕੇਟਸ ਤੇ ਕਾਲੇ ਮਾਸਕ ਪਾਏ ਹੋਏ ਸਨ, ਨੂੰ ਇਲਾਕੇ ਵਿੱਚੋਂ ਭੱਜਦਿਆਂ ਵੇਖਿਆ ਗਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਦੋ ਮਸ਼ਕੂਕਾਂ ਦੀ ਭਾਲ ਕੀਤੀ ਜਾ ਰਹੀ ਹੈ।

## ਭਾਰਤੀ ਮੂਲ ਦੀ ਕ੍ਰਿਤਿਕਾ ਵਾਲੀਆ 'ਮਿਸ ਅਰਥ ਨਿਊਜ਼ੀਲੈਂਡ 2023' ਦਾ ਖਿਤਾਬ ਜਿੱਤਿਆ




ਭਾਰਤੀ ਮੂਲ ਦੀ ਕ੍ਰਿਤਿਕਾ ਵਾਲੀਆ ਨੇ ਨਿਊਜ਼ੀਲੈਂਡ ਦੀਆਂ ਗੋਰੀਆਂ ਨੂੰ ਹਰਾ ਕੇ 'ਮਿਸ ਅਰਥ ਨਿਊਜ਼ੀਲੈਂਡ 2023' ਦਾ ਖਿਤਾਬ ਜਿੱਤਿਆ ਹੈ। ਹੁਣ ਉਹ ਚੜ੍ਹਦੇ ਸਾਲ ਹੋਣ ਵਾਲੇ ਅੰਤਰਰਾਸ਼ਟਰੀ ਮੁਕਾਬਲੇ ਵਿੱਚ ਨਿਊਜ਼ੀਲੈਂਡ ਦੀ ਨੁਮਾਇੰਦਗੀ ਕਰੇਗੀ। ਪ੍ਰਾਹੁਣਚਾਰੀ ਖੇਤਰ ਵਿਚ ਕੰਮ ਕਰਨ ਦੇ ਨਾਲ-ਨਾਲ ਉਸ ਨੇ ਆਪਣੇ ਸ਼ੌਂਕ ਅਨੁਸਾਰ ਸੁੰਦਰਤਾ ਮੁਕਾਬਲਿਆਂ ਵਿਚ ਆਪਣੀ ਕਿਸਮਤ ਅਜ਼ਮਾਈ। ਦੇਸ਼ 'ਚ ਸੁੰਦਰਤਾ ਦਾ ਚੋਟੀ ਦਾ ਖਿਤਾਬ ਹਾਸਲ ਕਰਨ ਪਿੱਛੋਂ ਕ੍ਰਿਤਿਕਾ ਨੇ ਕਿਹਾ ਕਿ ਉਹ ਇਸ ਸਮੇਂ ਬੇਹੱਦ ਮਾਣ ਮਹਿਸੂਸ ਕਰ ਰਹੀ ਹੈ।

## ਅਮਰੀਕਾ ਵਿਚ ਭਿਆਨਕ ਤੂਫਾਨ, 6 ਮੌਤਾਂ, ਕਈ ਜ਼ਖਮੀ

ਵਾਸ਼ਿੰਗਟਨ, 10 ਦਸੰਬਰ (ਪੋਸਟ ਬਿਊਰੋ): ਅਮਰੀਕਾ ਦੇ ਸੈਂਟਰਲ ਟੈਨੇਸੀ ਵਿਚ ਆਏ ਭਿਆਨਕ ਤੂਫਾਨ ਕਾਰਨ ਸ਼ਨੀਵਾਰ ਨੂੰ ਛੇ ਲੋਕਾਂ ਦੀ ਮੌਤ ਹੋ ਗਈ ਅਤੇ 20 ਤੋਂ ਵੱਧ ਜ਼ਖਮੀ ਹੋ ਗਏ। ਤੂਫਾਨ ਕਾਰਨ ਕਈ ਸ਼ਹਿਰਾਂ 'ਚ ਘਰਾਂ ਅਤੇ ਦੁਕਾਨਾਂ ਨੂੰ ਨੁਕਸਾਨ ਪਹੁੰ-ਚਆ। ਮੋਂਟਗੋਮਰੀ ਕਾਉਂਟੀ ਦੇ ਅਧਿਕਾਰੀਆਂ ਨੇ ਇੱਕ ਨਿਊਜ਼ ਰੀਲੀਜ਼ ਵਿੱਚ ਕਿਹਾ ਕਿ ਕਾਉਂਟੀ ਵਿੱਚ ਤੂਫਾਨ ਆਉਣ ਤੋਂ ਬਾਅਦ ਇੱਕ ਬੱਚੇ ਸਮੇਤ ਤਿੰਨ ਲੋਕਾਂ ਦੀ ਮੌਤ ਹੋ ਗਈ। ਕਲਾਰਕਸਵਿਲੇ ਦੇ ਮੇਅਰ ਜੋ ਪਿਟਸ ਨੇ ਇੱਕ ਬਿਆਨ ਵਿੱਚ ਕਿਹਾ, "ਇਹ ਦੁਖਦਾਈ ਖ਼ਬਰ ਹੈ ਅਤੇ ਸਾਡੀ ਹਮਦਰਦੀ ਉਨ੍ਹਾਂ ਲੋਕਾਂ ਦੇ ਪਰਿਵਾਰਾਂ ਨਾਲ ਹੈ ਜਿਨ੍ਹਾਂ ਨੇ ਤਬਾਹੀ ਵਿੱਚ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ। ਅਸੀਂ ਉਨ੍ਹਾਂ ਦੇ ਦੁੱਖ ਦੀ ਘੜੀ ਵਿਚ ਉਨ੍ਹਾਂ ਦੀ ਮਦਦ ਕਰਨ ਲਈ ਤਿਆਰ ਹਾਂ।" ਨੈਸ਼ਵਿਲ ਐਮਰਜੈਂਸੀ ਆਪ੍ਰੇਸ਼ਨ ਸੈਂਟਰ ਨੇ ਸੋਸ਼ਲ ਮੀਡੀਆ 'ਤੇ ਇਕ ਪੋਸਟ 'ਚ ਕਿਹਾ ਕਿ ਤੇਜ਼ ਤੂਫਾਨ ਕਾਰਨ ਉਥੇ ਤਿੰਨ ਲੋਕਾਂ ਦੀ ਮੌਤ ਹੋ ਗਈ। ਮੋਂਟਗੋਮਰੀ ਕਾਉਂਟੀ ਦੇ ਅਧਿਕਾਰੀਆਂ ਨੇ ਦੱਸਿਆ ਕਿ ਹੋਰ 23 ਜ਼ਖਮੀਆਂ ਦਾ ਹਸਪਤਾਲਾਂ ਵਿੱਚ ਇਲਾਜ ਕੀਤਾ ਗਿਆ।



ਕਲਾਰਕਸਵਿਲੇ ਫਾਇਰ ਡਿਪਾਰਟਮੈਂਟ ਦੁਆਰਾ ਸੋਸ਼ਲ ਮੀਡੀਆ 'ਤੇ ਸਾਂਝੀਆਂ ਕੀਤੀਆਂ ਗਈਆਂ ਫੋਟੋਆਂ ਵਿੱਚ ਨੁਕਸਾਨੇ ਗਏ ਘਰਾਂ ਅਤੇ ਇੱਕ ਟਰੈਕਟਰ ਟ੍ਰੇਲਰ ਹਾਈਵੇਅ 'ਤੇ ਪਲਟਿਆ ਦਿਖਾਇਆ ਗਿਆ ਹੈ।

## ਇਜ਼ਰਾਇਲੀ ਹਮਲੇ ਵਿੱਚ ਮ੍ਰਿਤਕਾਂ ਦੀ ਗਿਣਤੀ 17,700 ਤੱਕ ਪਹੁੰਚੀ

ਤਲਅਵੀਵ, 10 ਦਸੰਬਰ (ਪੋਸਟ ਬਿਊਰੋ): ਗਾਜ਼ਾ ਦੇ ਸਿਹਤ ਮੰਤਰਾਲੇ ਨੇ ਅੱਜ ਦਾਅਵਾ ਕੀਤਾ ਹੈ ਕਿ ਇਜ਼ਰਾਇਲੀ ਹਮਲੇ ਵਿੱਚ ਹੁਣ ਤੱਕ 17,700 ਫਲਸਤੀਨੀਆਂ ਦੀ ਮੌਤ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਹਮਲਿਆਂ ਵਿੱਚ 48,780 ਵਿਅਕਤੀ ਹੋਰ ਜ਼ਖ਼ਮੀ ਹੋ ਗਏ ਹਨ। ਹਮਾਸ ਦੇ ਤਰਜਮਾਨ ਅਸ਼ਰਫ਼ ਅਲ-ਕਿਦਰਾ ਨੇ ਕਿਹਾ ਕਿ ਇਜ਼ਰਾਇਲੀ ਫੌਜ ਵੱਲੋਂ ਐਂਬੂਲੈਂਸ ਨੂੰ ਨਿਸ਼ਾਨਾ ਬਣਾਉਣ ਕਾਰਨ, ਉਸ ਵਿੱਚ ਸਵਾਰ ਦੋ ਸਿਹਤ ਕਰਮੀ ਜ਼ਖ਼ਮੀ ਹੋ ਗਏ। ਉਨ੍ਹਾਂ ਹਸਪਤਾਲਾਂ, ਐਂਬੂਲੈਂਸਾਂ ਤੇ ਮੈਡੀਕਲ ਟੀਮਾਂ ਨੂੰ ਨਿਸ਼ਾਨਾ ਬਣਾਉਣ ਲਈ ਇਜ਼ਰਾਈਲ ਦੀ ਨਿੰਦਾ ਕੀਤੀ ਹੈ।



MagGas Medical Brampton
MGM MAGGAS MEDICAL INC.
Helping you breathe deep and rest easy.
- CPAP machines, masks and supplies
- Free consultations
- 30 day mask exchange
- Free deliveries
(647) 954-9885
9 20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
416 938 4598

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Brokerage Lic. 12538
Harpreet Singh Goraya
Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਨਵਾਜ਼ ਸ਼ਰੀਫ਼ ਨੇ ਕਿਹਾ: ਕਾਰਗਿਲ ਜੰਗ ਦੇ ਵਿਰੋਧ ਕਾਰਨ ਮੈਨੂੰ ਸੱਤਾ ਤੋਂ ਹਟਾਇਆ ਗਿਆ ਸੀ



ਲਾਹੌਰ, 10 ਦਸੰਬਰ (ਪੋਸਟ ਬਿਊਰੋ): ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ਼ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਕਾਰਗਿਲ ਜੰਗ ਦਾ ਵਿਰੋਧ ਕਰਨ ਲਈ 1999 ’ਚ ਜਨਰਲ ਪਰਵੇਜ਼ ਮੁਸ਼ੱਰਫ਼ ਨੇ ਸੱਤਾ ਤੋਂ ਲਾਂਭੇ ਕੀਤਾ ਸੀ। ਉਨ੍ਹਾਂ ਭਾਰਤ ਅਤੇ ਹੋਰ ਗੁਆਂਢੀ ਮੁਲਕਾਂ ਨਾਲ ਚੰਗੇ ਸਬੰਧਾਂ ਦੀ ਅਹਿਮੀਅਤ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ,‘‘ਚੰਗੇ ਸਬੰਧਾਂ ਕਾਰਨ ਮੋਦੀ ਸਾਹਿਬ ਅਤੇ ਵਾਜਪਾਈ ਸਾਹਿਬ ਲਾਹੌਰ ਆਏ ਸਨ। ਸਾਨੂੰ ਭਾਰਤ, ਅਫ਼ਗਾਨਿਸਤਾਨ ਅਤੇ ਇਰਾਨ ਨਾਲ ਸਬੰਧ ਸੁਧਾਰਨੇ ਹੋਣਗੇ। ਸਾਨੂੰ ਚੀਨ ਨਾਲ ਹੋਰ ਮਜ਼ਬੂਤ ਸਬੰਧ ਬਣਾਉਣ ਦੀ ਲੋੜ ਹੈ।’’ ਉਨ੍ਹਾਂ ਇਸ ਗੱਲ ’ਤੇ ਅਫ਼ਸੋਸ ਜਤਾਇਆ ਕਿ ਪਾਕਿਸਤਾਨ ਆਰਥਿਕ ਵਿਕਾਸ ਦੇ ਮਾਮਲੇ ’ਚ ਆਪਣੇ ਗੁਆਂਢੀ ਮੁਲਕਾਂ ਤੋਂ ਬਹੁਤ ਪਿੱਛੇ ਹੈ। ਆਉਂਦੀਆਂ ਚੋਣਾਂ ਲਈ ਪਾਰਟੀ ਟਿਕਟ ਦੇ ਚਾਹਵਾਨਾਂ ਨਾਲ ਗੱਲਬਾਤ ਕਰਦਿਆਂ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ ਦੇ ਆਗੂ ਨੇ ਕਿਹਾ ਕਿ ਉਹ ਤਿੰਨ ਵਾਰ ਪ੍ਰਧਾਨ ਮੰਤਰੀ ਬਣੇ ਸਨ ਅਤੇ ਤਿੰਨੋਂ ਵਾਰ ਉਨ੍ਹਾਂ ਵਧੀਆ ਕੰਮ ਕੀਤਾ ਸੀ ਪਰ ਉਹ ਇਹ ਨਹੀਂ ਜਾਣਦੇ ਕਿ ਉਨ੍ਹਾਂ ਨੂੰ ਸੱਤਾ ਤੋਂ ਕਿਉਂ ਹਟਾਇਆ ਗਿਆ। ਸ਼ਰੀਫ਼ ਨੇ ਦੋ ਭਾਰਤੀ ਪ੍ਰਧਾਨ ਮੰਤਰੀਆਂ ਦੇ ਪਾਕਿਸਤਾਨ ਦੌਰੇ ਦਾ ਜ਼ਿਕਰ ਵੀ ਕੀਤਾ।

# ਕੁਲਦੀਪ ਸਿੰਘ ਬੇਦੀ ਅਤੇ ਰਚਨਾ ਖਹਿਰਾ ਨੂੰ ਪ੍ਰਦਾਨ ਕੀਤਾ ਗਿਆ ਮਾਣ ਮੱਤਾ ਪੱਤਰਕਾਰ ਪੁਰਸਕਾਰ



ਫਗਵਾੜਾ, 10 ਦਸੰਬਰ (ਗਿਆਨ ਸਿੰਘ): ਪੰਜਾਬੀ ਕਾਲਮਨਵੀਸ ਪੱਤਰਕਾਰ ਮੰਚ (ਰਜਿ:) ਵਲੋਂ ਪ੍ਰਸਿੱਧ ਪੱਤਰਕਾਰ ਕੁਲਦੀਪ ਸਿੰਘ ਬੇਦੀ ਅਤੇ ਖੋਜੀ ਪੱਤਰਕਾਰ ਖਹਿਰਾ ਨੂੰ ਮਾਣ ਮੱਤਾ ਪੱਤਰਕਾਰ ਸਨਮਾਨ ਦਿੱਤਾ ਗਿਆ। ਫਗਵਾੜਾ ਵਿਖੇ ਕਰਵਾਏ ਵਿਸ਼ਾਲ ਸਮਾਗਮ ਦੇ ਮੁੱਖ ਮਹਿਮਾਨ ਪ੍ਰਸਿੱਧ ਪੱਤਰਕਾਰ ਅਤੇ ‘ਰੋਜ਼ਾਨਾ ਅਜੀਤ‘ ਦੇ ਕਾਰਜਕਾਰੀ ਸੰਪਾਦਕ ਸਤਨਾਮ ਸਿੰਘ ਮਾਣਕ ਨੇ ਕਿਹਾ ਕਿ ਪੰਜਾਬ ਦੇ ਹਾਲਾਤਾਂ ਦੇ ਮੱਦੇਨਜ਼ਰ ਲੇਖਕਾਂ, ਪੱਤਰਕਾਰਾਂ, ਬੁੱਧੀਜੀਵੀਆਂ ਨੂੰ ਇੱਕ ਮੰਚ ‘ਤੇ ਇਕੱਠੇ ਹੋਣ ਦੀ ਲੋੜ ਹੈ। ਉਹਨਾ ਕਿਹਾ ਕਿ ਪੂਰੇ ਦੇਸ਼ ਵਿੱਚ ਪੱਤਰਕਾਰਾਂ ਉਤੇ ਹਮਲੇ ਹੋ ਰਹੇ ਹਨ ਅਤੇ ਪੱਤਰਕਾਰੀ ਜ਼ੋਖਮ ਦਾ ਕੰਮ ਹੈ। ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ‘ਚ ਸਤਨਾਮ ਸਿੰਘ ਮਾਣਕ, ਨਰਪਾਲ ਸਿੰਘ ਸ਼ੇਰਗਿੱਲ, ਗਿਆਨ ਸਿੰਘ ਮੋਗਾ, ਪ੍ਰੋ. ਜਸਵੰਤ ਸਿੰਘ ਗੰਡਮ ਅਤੇ ਮੰਚ ਪ੍ਰਧਾਨ ਪ੍ਰਿੰ: ਗੁਰਮੀਤ ਸਿੰਘ ਪਲਾਹੀ ਸ਼ਾਮਲ ਸਨ।

ਸਨਮਾਨੇ ਗਏ ਪੱਤਰਕਾਰਾਂ ਨੂੰ ਸਨਮਾਨ ਪੱਤਰ, ਮੰਮੈਂਟੋ, ਦੁਸ਼ਾਲਾ ਅਤੇ ਨਕਦ ਰਾਸ਼ੀ ਪ੍ਰਦਾਨ ਕੀਤੀ ਗਈ। ਇਹ ਮਾਣ ਮੱਤਾ ਸਨਮਾਨ ਹਰ ਵਰ੍ਹੇ ਪੱਤਰਕਾਰੀ ਵਿੱਚ ਨਿਭਾਈਆਂ ਸੇਵਾਵਾਂ ਲਈ ਪ੍ਰਮੁੱਖ ਪੱਤਰਕਾਰਾਂ ਅਤੇ ਖੋਜੀ ਪੱਤਰਕਾਰਾਂ ਨੂੰ ਦਿੱਤਾ ਜਾਂਦਾ ਹੈ।

ਸਮਾਗਮ ਦੌਰਾਨ ਪ੍ਰੋ; ਜਸਵੰਤ ਸਿੰਘ ਗੰਡਮ, ਐਡਵੋਕੇਟ ਐਸ.ਐਲ. ਵਿਰਦੀ, ਗਿਆਨ ਸਿੰਘ ਮੋਗਾ, ਨਰਪਾਲ ਸਿੰਘ ਸ਼ੇਰਗਿੱਲ, ਰਚਨਾ ਖਹਿਰਾ, ਦੀਦਾਰ ਸ਼ੇਤਰਾ, ਰਵਿੰਦਰ ਚੋਟ, ਬਲਦੇਵ ਰਾਜ ਕੋਮਲ, ਰਵਿੰਦਰ ਸਿੰਘ ਰਾਏ, ਦੇਵਿੰਦਰ ਸਿੰਘ ਮਾਧੋਪੁਰੀ ਨੇ ਸੰਬੋਧਨ ਕੀਤਾ। ਸਨਮਾਨਤ ਪੱਤਰਕਾਰ ਕੁਲਦੀਪ ਸਿੰਘ ਬੇਦੀ ਨੇ ਕਿਹਾ ਕਿ ਪੰਜਾਬ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਵਿਚਾਰਿਆ ਜਾਣਾ ਚਾਹੀਦਾ ਹੈ ਅਤੇ ਪੰਜਾਬ ਦੇ ਅਮੀਰ ਵਿਰਸੇ ਤੇ ਬੋਲੀ ਦੀ ਸੰਭਾਲ ਕਰਨ ਦੀ ਲੋੜ ਹੈ। ਖੋਜੀ ਪੱਤਰਕਾਰ ਰਚਨਾ ਖਹਿਰਾ ਨੇ ਕਿਹਾ ਕਿ ਖੋਜੀ ਪੱਤਰਕਾਰੀ ਸੀਸ ਤਲੀ ‘ਤੇ ਧਰਨ ਵਾਂਗਰ ਹੈ ਅਤੇ ਪੱਤਰਕਾਰਾਂ ਨੂੰ ਤੱਥਾਂ ਦੀ ਛਾਣ-ਬੀਣ ਕਰਕੇ ਲੋਕ-ਹਿਤੈਸ਼ੀ ਪੱਤਰਕਾਰੀ ਕਰਨੀ ਚਾਹੀਦਾ ਹੈ।

ਇਸ ਸਮਾਗਮ ਦੌਰਾਨ ਟੀ.ਡੀ. ਚਾਵਲਾ, ਸੁਖਦੇਵ ਸਾਹਿਲ, ਨਛੱਤਰ ਭੋਗਲ ਯੂਕੇ, ਵਰਿੰਦਰ ਸਿੰਘ ਵਿਰਦੀ, ਗੁਰਮੀਤ ਰੱਤੂ, ਮਨਦੀਪ ਸਿੰਘ, ਪ੍ਰਿੰ: ਤਰਸੇਮ ਸਿੰਘ, ਰਾਮ ਪਾਲ ਮੱਲ, ਸੁੱਖਵਿੰਦਰ ਸਿੰਘ ਪਲਾਹੀ, ਮਨੋਜ ਫਗਵਾੜਵੀ, ਮਾਸਟਰ ਮਨਦੀਪ ਸਿੰਘ, ਕਮਲੇਸ਼ ਸੰਧੂ, ਸੀਤਲ ਰਾਮ ਬੰਗਾ, ਕਰਮਜੀਤ ਸਿੰਘ ਸੰਧੂ, ਹਰਚਰਨ ਭਾਰਤੀ, ਲਸ਼ਕਰ ਢੰਡਵਾੜਵੀ, ਬੰਸੋ ਦੇਵੀ, ਜਨਕ ਪਲਾਹੀ, ਸੁਖਵਿੰਦਰ ਸਿੰਘ ਪ੍ਰਧਾਨ ਸਰਬ ਨੌਜਵਾਨ ਸਭਾ ਅਤੇ ਵੱਡੀ ਗਿਣਤੀ ‘ਚ ਪੰਜਾਬੀ ਪ੍ਰੇਮੀ ਹਾਜ਼ਰ ਸਨ।

# ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਖੋਲ੍ਹੀਆਂ ਜਾ ਰਹੀਆਂ ਹਨ ਖੇਡ ਅਕੈਡਮੀਆਂ : ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ

## ਰਿਆਤ ਬਾਹਰਾ ਇੰਸਟੀਚਿਊਟ ਵਿਖੇ ਕਰਵਾਈ ਗਈ ਸੀਨੀਅਰ ਨੈਸ਼ਨਲ ਕਬੱਡੀ ਚੈਂਪਿਅਨ ਵਿੱਚ ਕੀਤੀ ਸ਼ਿਰਕਤ



ਬਲਾਚੌਰ, 10 ਦਸੰਬਰ (ਪੋਸਟ ਬਿਉਰੋ): ਖੇਡ ਮੰਤਰੀ ਪੰਜਾਬ ਗੁਰਮੀਤ ਸਿੰਘ ਮੀਤ ਹੇਅਰ ਨੇ ਰਿਆਤ ਬਾਹਰਾ ਇੰਸਟੀਚਿਊਟ ਰੈਲ ਮਾਜਰਾ ਵਿਖੇ ਕਰਵਾਈ ਗਈ 70ਵੀਂ ਸੀਨੀਅਰ ਨੈਸ਼ਨਲ ਕਬੱਡੀ ਚੈਂਪੀਅਨਸ਼ਿਪ ਵਿੱਚ ਸ਼ਿਰਕਰਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਵਿਧਾਇਕ ਬਲਾਚੌਰ ਸੰਤੋਸ਼ ਕਟਾਰੀਆਂ, ਵਿਧਾਇਕ ਰੂਪਨਗਰ ਦਿਨੇਸ਼ ਚੱਡਾ, ਕਬੱਡੀ ਐਸੋਸ਼ੀਏਸ਼ਨ ਦੇ ਪ੍ਰਧਾਨ ਸਕੰਦਰ ਸਿੰਘ ਮਲੂਕਾ ਵੀ ਵਿਸ਼ੇਸ਼ ਤੌਰ ‘ਤੇ ਮੌਜੂਦ ਸਨ।

ਇਸ ਦੌਰਾਨ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਖੇਡ ਮੰਤਰੀ ਪੰਜਾਬ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਸੂਬੇ ਵਿੱਚ ਖੇਡਾਂ ਨੂੰ ਹੋਰ ਵੀ ਉਤਸ਼ਾਹਿਤ ਕਰਨ ਦੇ ਲਈ ਖੇਡ ਨਰਸਰੀਆਂ ਖੋਲ੍ਹੀਆਂ ਜਾ ਰਹੀਆਂ ਹਨ, ਜਿਸ ਦੇ ਵਿੱਚ ਕੋਚ ਅਤੇ ਖੇਡਾਂ ਦੇ ਮਾਹਿਰ ਵੱਖ-ਵੱਖ ਖੇਡਾਂ ਨਾਲ ਸਬੰਧਤ ਖਿਡਾਰੀਆਂ ਨੂੰ ਖੇਡਾਂ ਦੇ ਲਈ ਟਰੇਨਿੰਗ ਦੇਣਗੇ। ਉਨ੍ਹਾਂ ਨੇ ਕਿਹਾ ਕਿ ਸੂਬੇ ਦੇ ਖਿਡਾਰੀ ਵੀ ਇੰਟਰਨੈਸ਼ਨਲ ਪੱਧਰ ‘ਤੇ ਮੱਲਾ ਮਾਰ ਰਹੇ ਰਹੇ ਹਨ। ਸੂਬਾ ਸਰਕਾਰ ਖਿਡਾਰੀਆਂ ਨੂੰ ਹਰ ਤਰ੍ਹਾਂ ਦੀਆਂ ਮਾਡਰਨ ਸਹੂਲਤਾਂ ਦੇਣਾ ਚਾਹੁੰਦੀ ਹੈ, ਇਸ ਦੇ ਲਈ ਮੁੱਢਲੇ ਪੱਧਰ ਤੋਂ ਸਹੂਲਤਾ ਮੁਹੱਈਆ ਕਰਵਾਈਆਂ ਜਾਣ ਦੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਕੂਲੀ ਪੱਧਰ ‘ਤੇ ਵੀ ਛੋਟੇ ਬੱਚਿਆਂ ਨੂੰ ਖੇਡਾਂ ਵੱਲ ਲਗਾਇਆ ਜਾ ਰਿਹਾ ਹੈ। ਜੇਕਰ ਮੁਢ ਤੋਂ ਹੀ ਛੋਟੇ ਬੱਚਿਆਂ ਦਾ ਧਿਆਨ ਖੇਡਾਂ ਵੱਲ ਹੋਵ-ੇਗਾ, ਤਾਂ ਉਹ ਕਈ ਤਰ੍ਹਾਂ ਦੀਆਂ ਗਲਤ ਸਾਵਧਾਨੀਆਂ ਤੋਂ ਬੱਚ ਸਕਦੇ ਹਨ। ਇਸ ਦੌਰਾਨ ਉਨ੍ਹਾਂ ਨੇ ਕਾਲਜ ਵਿੱਚ ਕਰਵਾਈ ਜਾ ਰਹੀ ਸੀਨੀਅਰ ਨੈਸ਼ਨਲ ਕਬੱਡੀ ਚੈਂਪੀਅਨਸ਼ਿਪ ਵਿਚ ਭਾਗ ਲੈਣ ਵਾਲੇ ਖਿਡਾਰੀਆਂ ਦੀ ਹੌਂਸਲਾ ਅਫ਼ਜਾਰੀ ਕੀਤੀ।

ਇਸ ਦੌਰਾਨ ਵਧਾਇਕ ਬਲਾਚੌਰ ਸੰਤੋਸ਼ ਕਟਾਰੀਆਂ ਨੇ ਕਿਹਾ ਕਿ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਨੌਜਵਾਨ ਵੱਧ ਤੋਂ ਵੱਧ ਖੇਡਾਂ ਵਿੱਚ ਹਿੱਸਾ ਲੈ ਰਹੇ ਹਨ। ਖੇਡਾਂ ਜਿਥੇ ਸਾਨੂੰ ਸਰੀਰਕ ਤੌਰ ‘ਤੇ ਮਜ਼ਬੂਤ ਬਣਾਉਂਦੀਆਂ ਹਨ, ਉਥੇ ਨਸ਼ਿਆਂ ਵਰਗੀਆਂ ਬਿਮਾਰੀਆਂ ਤੋਂ ਵੀ ਬਚਿਆ ਜਾ ਸਕਦਾ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਖੇਡਾਂ ਵੱਲ ਆਪਣਾ ਧਿਆਨ ਲਗਾਉਣ ਦੇ ਲਈ ਪ੍ਰੇਰਿਤ ਵੀ ਕੀਤਾ।

ਇਸ ਮੌਕੇ ‘ਤੇ ਜ਼ਿਲ੍ਹਾ ਖੇਡ ਅਫ਼ਸਰ ਨਵਾਂਸ਼ਹਿਰ ਵੰਦਨਾ ਚੌਹਾਨ, ਚਾਂਸਲਰ ਡਾ. ਸੰਦੀਪ ਸਿੰਘ ਕੌੜਾ, ਐਨ ਐਸ ਰਿਆਤ, ਤਿਜੇਂਦਰ ਸਿੰਘ ਮਿਡੂ ਖੇੜਾ, ਵਾਈਸ ਪ੍ਰਧਾਨ ਅਰੁਨ ਰਾਘਬ, ਦਿਨੇਸ਼ ਕੁਮਾਰ ਡਿੰਪੀ ਪਹਿਲਵਾਨ ਭਾਰਤੀ ਕਿਸਾਨ ਯੂਨੀਅਰ ਹਰਿਆਣਾ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਖਿਡਾਰੀ ਮੌਜੂਦ ਸਨ।

# ਸੰਸਦ ਮੈਂਬਰ ਮਨੀਸ਼ ਤਿਵਾੜੀ ਨੇ ਵਧਦੀ ਮਹਿੰਗਾਈ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਿਆ

### ਕਿਹਾ- ਸਰਕਾਰ ਲੋਕਾਂ ਦਾ ਧਿਆਨ ਮੁੱਦਿਆਂ ਤੋਂ ਭਟਕਾਉਣ ਦੀ ਕੋਸ਼ਿਸ਼ ਕਰ ਰਹੀ



ਮੋਹਾਲੀ, 10 ਦਸੰਬਰ (ਗਿਆਨ ਸਿੰਘ): ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਮਨੀਸ਼ ਤਿਵਾੜੀ ਨੇ ਲਗਾਤਾਰ ਵੱਧ ਰਹੀ ਮਹਿੰਗਾਈ ਅਤੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਨਾ ਕਰਨ ਨੂੰ ਲੈ ਕੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਇੱਕ ਵਾਰ ਫਿਰ ਨਿਸ਼ਾਨਾ ਸਾਧਿਆ ਹੈ। ਸੰਸਦ ਮੈਂਬਰ ਨੇ ਕਿਹਾ ਕਿ ਲੋਕ ਅਜੇ ਵੀ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਹੋਣ ਦੀ ਉਡੀਕ ਕਰ ਰਹੇ ਹਨ। ਇਸ ਮੌਕੇ ਮੁਹਾਲੀ ਵਿਧਾਨ ਸਭਾ ਹਲਕੇ ਦੇ ਵਾਰਡ ਨੰ: 7 ਅਤੇ ਵਾਰਡ ਨੰ: 32 ਵਿੱਚ ਮੀਟਿੰਗਾਂ ਕੀਤੀਆਂ ਗਈਆਂ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਸੰਸਦ ਮੈਂਬਰ ਤਿਵਾੜੀ ਨੇ ਕਿਹਾ ਕਿ ਲਗਾਤਾਰ ਵੱਧ ਰਹੀ ਮਹਿੰਗਾਈ ਨੇ ਲੋਕਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ ਅਤੇ ਘਰ ਦੇ ਖਰਚੇ ਪੂਰੇ ਕਰਨੇ ਔਖੇ ਹੋ ਗਏ ਹਨ। ਆਟਾ, ਦਾਲਾਂ, ਸਰ੍ਹੋਂ ਦਾ ਤੇਲ, ਰਸੋਈ ਗੈਸ ਸਿਲੰਡਰ ਵਰਗੀਆਂ ਬੁਨਿਆਦੀ ਵਸਤੂਆਂ ਦੇ ਰੇਟ ਹੱਦਾਂ ਪਾਰ ਹੋ ਗਏ ਹਨ। ਜਦਕਿ ਸਰਕਾਰ ਲਗਾਤਾਰ ਇਨ੍ਹਾਂ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਹਟਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ ਲਈ ਸਰਕਾਰ ਨੂੰ ਕੋਸਿਆ। ਸੰਸਦ ਮੈਂਬਰ ਨੇ ਕਿਹਾ ਕਿ ਨਾ ਤਾਂ ਇੱਕ ਕਰੋੜ ਨੌਜਵਾਨਾਂ ਨੂੰ ਨੌਕਰੀਆਂ ਮਿਲੀਆਂ ਹਨ ਅਤੇ ਨਾ ਹੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ 15-15 ਲੱਖ ਰੁਪਏ ਆਏ ਹਨ। ਪਰ ਕਾਂਗਰਸ ਹਮੇਸ਼ਾ ਹੀ ਵਿਕਾਸ ਦੇ ਹੱਕ ਵਿੱਚ ਰਹੀ ਹੈ ਅਤੇ ਇਲਾਕੇ ਦੇ ਵਿਕਾਸ ਨੂੰ ਪਹਿਲ ਦਿੱਤੀ ਹੈ।

ਇਸ ਦੌਰਾਨ ਉਨ੍ਹਾਂ ਨੇ ਵਾਰਡ ਨੰ: 45, ਪਿੰਡ ਤੰਗੌਰੀ, ਵਾਰਡ ਨੰ: 7, ਵਾਰਡ ਨੰ: 32 ਅਤੇ ਪਿੰਡ ਰਾਏਪੁਰ ਖੁਰਦ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਲਈ ਕਰੀਬ 18.50 ਲੱਖ ਰੁਪਏ ਦੀ ਗ੍ਰਾਂਟ ਦੇ ਚੈਕ ਵੰਡੇ।

ਜਿੱਥੇ ਹੋਰਨਾਂ ਤੋਂ ਇਲਾਵਾ, ਸ਼ਹਿਰੀ ਕਾਂਗਰਸ ਦੇ ਪ੍ਰਧਾਨ ਤੇ ਕੌਂਸਲਰ ਜਸਪ੍ਰੀਤ ਸਿੰਘ, ਮਨਜੋਤ ਸਿੰਘ ਪੰਜਾਬ ਕਾਂਗਰਸ ਸਕੱਤਰ, ਕੌਂਸਲਰ ਬਲਜੀਤ ਕੌਰ, ਕੌਂਸਲਰ ਹਰਜੀਤ ਸਿੰਘ ਭੋਲੂ, ਕੌਂਸਲਰ ਪ੍ਰਮੋਦ ਮਿੱਤਰ, ਬੂਟਾ ਸਿੰਘ ਸੋਹਾਣਾ, ਕੌਂਸਲਰ ਅਸ਼ੋਕ ਕੌਂਡਲ, ਹਰਦਿਆਲ ਚੰਦ ਬਡਵਾਲ, ਜ਼ਲ੍ਹਿਾ ਪ੍ਰੀਸ਼ਦ ਮੈਂਬਰ ਮੋਹਨ ਸਿੰਘ ਬਠਲਾਣਾ ਸ਼ਾਮਲ ਸਨ। ਜੇ.ਐਸ ਮੁਲਤਾਨੀ, ਸਰਪੰਚ ਜਸਪਾਲ ਕੌਰ, ਬਲਜੀਤ ਸਿੰਘ, ਹਰਨੇਕ ਸਿੰਘ, ਜਸਮੇਰ ਸਿੰਘ, ਹਰੀ ਸਿੰਘ, ਤਾਰਾ ਸਿੰਘ ਆਦਿ ਹਾਜ਼ਰ ਸਨ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd. #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਬੈਂਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047





TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9





ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com






ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
➡ Forklift Training
Forklift $79 Recertification
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Counterbalance Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾਂ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936





# ਕਿੱਥੇ ਗੁਆਚੇ ਦੇਸ਼ ਵਾਸੀਆਂ ਦੇ ਮਨੁੱਖੀ ਅਧਿਕਾਰ



-ਗੁਰਮੀਤ ਸਿੰਘ ਪਲਾਹੀ-

ਗੱਲ ਆਪਣੇ ਦੇਸ਼ ਤੋਂ ਹੀ ਕਰਨੀ ਬਣਦੀ ਹੈ। ਦੇਸ਼ ਭਾਰਤ ਵਿੱਚ ਮਨੁੱਖੀ ਅਧਿਕਾਰਾਂ ਦੇ ਹਾਲਾਤ ਕਿਹੋ ਜਿਹੇ ਹਨ? ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਅਕਤੂਬਰ 1993 'ਚ ਆਜ਼ਾਦੀ ਦੇ 46 ਸਾਲਾਂ ਬਾਅਦ ਹੋਂਦ 'ਚ ਆਇਆ। ਇਸਦਾ ਮੁੱਖ ਮੰਤਵ ਦੇਸ਼ ਵਿੱਚ ਹੋ ਰਹੇ ਮਨੁੱਖੀ ਹੱਕਾਂ ਦੇ ਘਾਣ ਨੂੰ ਰੋਕਣਾ ਸੀ, ਕਿਉਂਕਿ ਦੇਸ਼ ਵਿੱਚ ਘੱਟ ਗਿਣਤੀਆਂ ਮਹਿਫੂਜ਼ ਨਹੀਂ ਸਨ ਰਹੀਆਂ, ਔਰਤਾਂ ਨਾਲ ਧੱਕਾ ਵਧ ਰਿਹਾ ਸੀ। ਜਾਤ-ਪਾਤ, ਧਰਮ, ਫਿਰਕੇ ਦੇ ਨਾਅ ਉਤੇ ਵੰਡੀਆਂ ਪੈ ਰਹੀਆਂ ਸਨ। ਪਰ ਇਹ ਕਮਿਸ਼ਨ ਕਾਰਗਰ ਸਾਬਤ ਨਾ ਹੋ ਸਕਿਆ। ਕਿਸੇ ਵੀ ਕੇਂਦਰੀ ਸਰਕਾਰ ਨੇ ਭਾਵੇਂ ਉਹ ਕਾਂਗਰਸ ਦੀ ਸੀ ਜਾਂ ਕਿਸੇ ਹੋਰ ਵਿਰੋਧੀ ਧਿਰ ਦੀ, ਸਿਰਫ਼ ਆਪਣੀ ਕੁਰਸੀ ਦੀ ਸਲਾਮਤੀ ਲਈ ਯਤਨ ਕੀਤੇ, ਲੋਕਾਂ ਦੇ ਹੱਕਾਂ ਨੂੰ ਅੱਖੋਂ-ਪਰੋਖੇ ਕਰਕੇ, ਆਪਣੇ ਹਿੱਤ ਪੂਰਤੀ ਕੀਤੀ। ਇਹ ਕਮਿਸ਼ਨ ਕੋਈ ਸਾਰਥਕ ਭੂਮਿਕਾ ਨਾ ਨਿਭਾ ਸਕਿਆ।

ਸਿੱਟੇ ਵਜੋਂ ਅੱਜ ਦੇਸ਼ 'ਚ ਮਨੁੱਖੀ ਹੱਕਾਂ ਪ੍ਰਤੀ ਹਾਲਾਤ ਬੇਹੱਦ ਨਾਜ਼ੁਕ ਹੈ। ਆਪਣੇ ਮਨੁੱਖੀ ਹੱਕਾਂ ਲਈ ਬੋਲਣ-ਲਿਖਣ ਵਾਲੇ ਲੇਖਕਾਂ, ਬੁੱਧੀਜੀਵੀਆਂ ਜਾਂ ਚਿੰਤਕਾਂ ਨੂੰ ਜੇਲ੍ਹਾਂ 'ਚ ਡੱਕਿਆ ਗਿਆ ਹੈ,ਉਥੇ ਉਹਨਾ ਨਾਲ ਅਣਮਨੁੱਖੀ ਵਰਤਾਓ ਕੀਤਾ ਜਾਂਦਾ ਹੈ। ਬਿਨ੍ਹਾਂ ਮੁਕੱਦਮਾ ਚਲਾਇਆਂ ਉਹਨਾ ਨੂੰ ਸਾਲਾਂ ਬੱਧੀ ਜੇਲ੍ਹਾਂ 'ਚ ਹੀ ਰੱਖਿਆ ਜਾ ਰਿਹਾ ਹੈ।

ਔਰਤਾਂ ਉਤੇ ਜ਼ੁਲਮ ਵਧੇ ਹਨ। ਘੱਟ ਗਿਣਤੀਆਂ ਡਰ-ਸਹਿਮ 'ਚ ਹਨ। ਧਰਮ, ਜਾਤ ਦੇ ਨਾਅ 'ਤੇ ਹੋ ਰਹੀ ਰਾਜਨੀਤੀ ਨੇ ਦੇਸ਼ 'ਚ ਅਜ਼ਬ ਮਾਹੌਲ ਸਿਰਜਿਆ ਹੋਇਆ ਹੈ। ਬਹੁ-ਗਿਣਤੀ ਫਿਰਕਿਆਂ ਦੀ ਧੌਂਸ ਅਤੇ ਦਬਾਅ, ਮਨੁੱਖੀ ਹੱਕਾਂ ਦੇ ਘਾਣ ਦਾ ਧੁਰਾ ਹੈ ਅੱਜ ਦੇਸ਼ 'ਚ।

ਆਖ਼ਰ ਮਨੁੱਖ ਦਾ ਮੁਢਲਾ ਅਧਿਕਾਰ ਹੈ ਕੀ? ਮਨੁੱਖ ਦੀਆਂ ਮੁਢਲੀਆਂ ਲੋੜਾਂ ਕੁਲੀ, ਗੁਲੀ, ਜੁਲੀ ਅਰਥਾਤ ਮਕਾਨ, ਕੱਪੜਾ, ਰੋਟੀ ਮਨੁੱਖ ਦੀਆਂ ਲੋੜਾਂ ਹਨ। ਜੇਕਰ ਉਹ ਉਸਦੇ ਪੱਲੇ ਨਹੀਂ ਪੈਂਦੀਆਂ, ਇਹਨਾ ਪ੍ਰਤੀ ਉਹਨਾ ਨੂੰ ਹੱਕ ਨਹੀਂ ਮਿਲਦੇ ਤਾਂ ਫਿਰ ਉਸਦੇ ਪੱਲੇ ਆਖ਼ਰ ਰਹਿ ਕੀ ਜਾਂਦਾ ਹੈ?

ਵੇਖੋ ਅਜ਼ਬ ਗੱਲ, ਦੇਸ਼ ਭਾਰਤ ਮਹਾਨ ਦੀ 80 ਕਰੋੜ ਤੋਂ ਵੱਧ ਆਬਾਦੀ, ਅੱਜ ਸਰਕਾਰੀ ਰਹਿਮੋ-ਕਰਮ 'ਤੇ ਹੈ, ਪੰਜ ਕਿਲੋ ਪ੍ਰਤੀ ਜੀਅ ਪ੍ਰਤੀ ਮਹੀਨਾ ਸਰਕਾਰੀ ਅਨਾਜ਼ 'ਤੇ ਨਿਰਭਰ ਹੈ। ਕਾਰਨ ਸਪਸ਼ਟ ਹੈ ਉਹਨਾ ਪੱਲੇ ਰੁਜ਼ਗਾਰ ਨਹੀਂ, ਰੋਟੀ ਲਈ ਦਰ-ਦਰ ਧੱਕੇ ਹਨ, ਰਹਿਣ ਵਸੇਰੇ ਦੀ ਤਾਂ ਗੱਲ ਹੀ ਛੱਡ ਦਿਓ, ਤਨ 'ਤੇ ਕੱਪੜੇ ਵੀ ਪੂਰੇ ਨਹੀਂ। ਤਾਂ ਫਿਰ ਅਸੀਂ ਕਿਹੜੀ ਬਰਾਬਰੀ ਦੀ ਗੱਲ ਕਰਦੇ ਹਾਂ? ਕਿਹੜੇ ਅਧਿਕਾਰਾਂ ਨੂੰ ਪੱਲੇ ਬੰਨ੍ਹ ਕੇ ਬੈਠੇ ਹਾਂ?

ਮਨੁੱਖ ਨੂੰ ਆਜ਼ਾਦੀ ਹੋਵੇ। ਨਸਲ, ਰੰਗ, ਲਿੰਗ, ਭਾਸ਼ਾ, ਧਰਮ, ਵਿਸ਼ਵਾਸ਼ 'ਚ ਭੇਦ -ਭਾਵ ਨਾ ਹੋਵੇ। ਉਹ ਕਿਸੇ ਵੀ ਵਿਚਾਰਧਾਰਾ ਨੂੰ ਅਪਨ-ਾਏ। ਕੋਈ ਬੰਦਸ਼ ਨਾ ਹੋਵੇ। ਉਹ ਇਸ ਧਰਤੀ 'ਤੇ ਵਿਚਰਦਿਆਂ ਸਮਾਜਿਕ ਸੁਰੱਖਿਆ ਦਾ ਹੱਕਦਾਰ ਬਣੇ। ਭੁੱਖ ਤੋਂ ਮੁਕਤੀ ਮਿਲੇ ਉਸਨੂੰ । ਸਿੱਖਿਆ, ਸਿਹਤ ਦੀਆਂ ਬਰਾਬਰ ਸਹੂਲਤਾਂ ਹੋਣ ਉਸਨੂੰ। ਕੰਮ ਦਾ ਅਧਿਕਾਰ ਉਸਨੂੰ ਮਿਲੇ। ਉਸ ਦੀ ਸ਼ਖ਼ਸੀਅਤ ਦਾ ਸਾਂਵਾਂ ਵਿਕਾਸ ਹੋਵੇ।

ਪਰ ਉਪਰੋਕਤ ਗੱਲਾਂ, ਅੱਜ ਦੇਸ਼ 'ਚ ਸਿਰਫ਼ ਨਾਅ ਦੀਆਂ ਹਨ। ਗਰੀਬੀ-ਅਮੀਰੀ ਦੇ ਪਾੜੇ ਨੇ ਦੇਸ਼ ਭਾਰਤ ਦਾ ਇੱਕ ਵੱਖਰਾ ਬਿੰਬ ਦੁਨੀਆ 'ਚ ਸਿਰਜ ਦਿੱਤਾ ਹੈ। ਅਸੀਂ ਮਨੁੱਖੀ ਅਧਿਕਾਰਾਂ ਦੀ ਰੱਖਿਆ, ਸੁਰੱਖਿਆ ਦੇ ਵੱਡੇ ਦਾਅਵੇ ਸੰਸਾਰ 'ਚ ਵਾਹ-ਵਾਹ ਖੱਟਣ ਲਈ ਕਰਦੇ ਹਾਂ, ਪਰ ਅਸਲ ਅਰਥਾਂ 'ਚ ਅਸੀਂ ਉਦੋਂ ਕੱਖੋਂ ਹੌਲੇ ਪੈ ਜਾਂਦੇ ਹਾਂ, ਜਦੋਂ ਮਨੀਪੁਰ 'ਚ ਮਨੁੱਖੀ ਅਧਿਕਾਰਾਂ ਦਾ ਹਨਨ ਹੁੰਦਾ ਹੈ, ਜਦੋਂ '84 ਵਾਪਰਦਾ ਹੈ, ਜਦੋਂ ਦਿੱਲੀ, ਗੁਜਰਾਤ 'ਚ ਦੰਗੇ ਹੁੰਦੇ ਹਨ। ਜਦੋਂ ਦੇਸ਼ 'ਚ ਕਾਨੂੰਨ ਨੂੰ ਸਹੀ ਅਰਥਾਂ 'ਚ ਲਾਗੂ ਕਰਨ ਦਾ ਯਤਨ ਹੀ ਨਹੀਂ ਹੁੰਦਾ। ਜਦੋਂ ਲੋਕਤੰਤਰ ਦੇ ਨਾਅ ਹੇਠ, ਲੋਕਤੰਤਰ ਦਾ ਜਨਾਜ਼ਾ ਕੱਢਿਆ ਜਾਂਦਾ ਹੈ। ਜਦੋਂ ਦੇਸ਼ 'ਚ ਧਰਮ ਦੇ ਨਾਅ ਤੇ ਦੰਗੇ ਫੈਲਦੇ ਹਨ, ਜਦੋਂ ਔਰਤਾਂ ਨਾਲ ਬਲਾਤਕਾਰ ਦੀਆਂ ਘਟਨਾਵਾਂ 'ਚ ਵਾਧਾ ਹੁੰਦਾ ਹੈ। ਜਦੋਂ ਧੱਕੜ ਲੋਕ, ਕਮਜ਼ੋਰ ਲੋਕਾਂ ਨੂੰ ਮਨੁੱਖ ਹੀ ਨਹੀਂ ਮੰਨਦੇ, ਸਿਰਫ਼ ਇੱਕ ਜੀਅ ਜੰਤੂ ਜਾਂ ਇੱਕ ਵੋਟ ਸਮਝਕੇ ਉਹਨਾ ਦੀ ਬੇਸ਼ਰਮੀ ਨਾਲ ਵਰਤੋਂ ਕਰਦੇ ਹਨ।

ਕੀ ਰੁਜ਼ਗਾਰ ਦੀ ਥਾਂ ਉਤੇ ਮੁਫ਼ਤ ਰਿਆਇਤਾਂ ਦੇਣ ਦੀ ਰਾਜਨੀਤੀ ਕਰਨਾ, ਮਨੁੱਖੀ ਅਧਿਕਾਰਾਂ ਦਾ ਹਨਨ ਨਹੀਂ? ਕੀ ਲਾਲਚ ਦੇ ਕੇ ਵੋਟਾਂ ਹਥਿਆਉਣਾ ਮਨੁੱਖੀ ਹੱਕ ਖੋਹਣ ਦੇ ਤੁਲ ਨਹੀਂ? ਜੇਕਰ ਹੈ ਤਾਂ ਸਭ ਤੋਂ ਵੱਡਾ ਮਨੁੱਖੀ ਹੱਕ ਦਾ ਘਾਣ ਕਰਨ ਵਾਲਾ ਦੇਸ਼, ਸਾਡਾ ਹੈ।

ਮਨੁੱਖੀ ਹੱਕ ਖੋਹਣ ਸਬੰਧੀ ਅੰਤਰਰਾਸ਼ਟਰੀ ਰਿਪੋਰਟਾਂ ਨਿਰਾਸ਼ਾਜਨਕ ਹਨ। ਸ਼ਾਂਤੀਪੂਰਨ ਅਸਹਿਮਤ ਲੋਕਾਂ ਉਤੇ ਕਾਰਵਾਈ ਵਧੀ ਹੈ। ਹਾਸ਼ੀਏ ਤੇ ਪਹੁੰਚੇ ਸਮੂਹਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਬੁਲਡੋਜ਼ਰ ਨਾਲ ਘਰ ਢਾਹੁਣ ਵਾਲੀ ਕਾਰਵਾਈ ਆਖ਼ਿਰ ਕੀ ਹੈ? ਨਿਆਂ ਪ੍ਰਣਾਲੀ ਤੋਂ ਬਿਨ੍ਹਾਂ ਸਿੱਧੀ ਕਾਰਵਾਈ। ਮਨੁੱਖੀ ਹੱਕਾਂ ਦਾ ਸਿੱਧਾ ਘਾਣ। ਹਿਊਮਨ ਰਾਈਟਸ ਵਾਚ ਨੇ ਵਰਲਡ ਰਿਪੋਰਟ-2020 ਛਾਪੀ ਹੈ। ਉਸ 'ਚ ਕਿਹਾ ਗਿਆ ਕਿ 2019 ਵਿੱਚ ਜੰਮੂ-ਕਸ਼ਮੀਰ 'ਚ ਭਾਰਤ ਸਰਕਾਰ ਨੇ ਵੱਡੇ ਪੈਮਾਨੇ 'ਤੇ ਕਾਰਵਾਈ ਕਰਕੇ ਕਸ਼ਮੀਰੀ ਲੋਕਾਂ ਦੇ ਅਧਿਕਾਰਾਂ ਦੀ ਉਲੰਘਣਾ ਕੀਤੀ ਹੈ। ਭਾਜਪਾ ਕੇਂਦਰ ਸਰਕਾਰ ਨੇ ਕਸ਼ਮੀਰ ਦਾ ਵਿਸ਼ੇਸ਼ ਸੰਵਾਧਾਨਿਕ ਦਰਜ਼ਾ ਰੱਦ ਕਰਕੇ ਉਸਨੂੰ ਦੋ ਵੱਖਰੇ-ਵੱਖਰੇ ਕੇਂਦਰ ਸ਼ਾਸ਼ਿਤ ਪ੍ਰਦੇਸ਼ਾਂ 'ਚ ਵੰਡ ਦਿੱਤਾ। ਵਿਰੋਧ ਕਰਨ ਵਾਲੇ ਕਸ਼ਮੀਰੀਆਂ ਨੂੰ ਦੰਡਿਤ ਕੀਤਾ ਗਿਆ। ਉਹਨਾ ਨੂੰ ਹਿਰਾਸਤ 'ਚ ਲਿਆ ਗਿਆ। ਇਸ ਰਿਪੋਰਟ ਅਨੁਸਾਰ ਦੇਸ਼ 'ਚ ਆਤੰਕੀ ਹਿੰਦੂ ਸੰਗਠਨਾਂ ਦੇ ਸਮੂਹ ਵਲੋਂ ਘੱਟ ਗਿਣਤੀਆਂ ਨਾਲ ਸਬੰਧਤ 50 ਲੋਕ ਮਾਰ ਦਿੱਤੇ ਗਏ ਅਤੇ 250 ਜ਼ਖ਼ਮੀ ਹੋਏ। ਉਹਨਾ ਨੂੰ ਹਿੰਦੂ ਨਾਹਰੇ ਲਾਉਣ ਲਈ ਮਜ਼ਬੂਰ ਕੀਤਾ ਗਿਆ।

ਭਾਰਤ ਸਰਕਾਰ ਨੇ ਸੰਯੁਕਤ ਰਾਸ਼ਟਰ ਵਲੋਂ ਜਾਰੀ 10 ਦਸੰਬਰ 1948 ਦੇ ਐਲਾਨਨਾਮੇ ਨੂੰ ਆਪਣੇ ਸੰਵਿਧਾਨ ਵਿੱਚ 1950 ਵਿੱਚ ਦਰਜ਼ ਕੀਤਾ। ਸਿਵਲ ਅਧਿਕਾਰਾਂ, ਸਮਾਜਿਕ ਤੇ ਆਰਥਿਕ ਅਧਿਕਾਰਾਂ ਨੂੰ ਪੂਰੀ ਤਰਤੀਬ ਨਾਲ ਪ੍ਰਵਾਨ ਕੀਤਾ। ਭਾਰਤ ਦੇ ਸਾਰੇ ਨਾਗਰਿਕਾਂ ਨੂੰ ਬਰਾਬਰ ਦੇ ਅਧਿਕਾਰ ਦਿੱਤੇ, ਪਰ ਇਥੇ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੀ ਭਾਰਤ ਦੀ ਉੱਚ ਸ਼੍ਰੇਣੀ ਅਤੇ ਵੱਡੀਆਂ ਢੁੱਠਾਂ ਵਾਲੇ ਧੰਨ ਕੁਬੇਰਾਂ, ਜਿਹੜੇ ਸਿਆਸੀ ਆਗੂਆਂ ਨਾਲ ਇੱਕਜੁੱਟ ਹਨ, ਆਮ ਲੋਕਾਂ ਨੂੰ ਬਰਾਬਰ ਦੇ ਹੱਕ ਦਿੰਦੇ ਹਨ? ਆਜ਼ਾਦੀ ਘੱਟ ਰਹੀ ਹੈ, ਅਸਮਾਨਤਾ ਵੱਧ ਰਹੀ ਹੈ। ਮਨੁੱਖੀ ਹੱਕਾਂ ਉਤੇ ਲਗਾਤਾਰ ਵਾਰ ਹੋ ਰਹੇ ਹਨ ਅਤੇ ਲੋਕਾਂ ਨਾਲ ਜ਼ਿਆਦਤੀਆਂ ਅਤੇ ਅਨਿਆਂ ਲਗਾਤਾਰ ਵਧ ਰਿਹਾ ਹੈ।

ਔਰਤ, ਸਮਾਜ ਦਾ ਮਹੱਤਵਪੂਰਨ ਅੰਗ ਹੈ। ਪਰ ਦੇਸ਼ 'ਚ ਔਰਤਾਂ ਸਭ ਤੋਂ ਵੱਧ ਪੀੜਤ ਹਨ। ਕਿੱਥੇ ਗੁੰਮ ਜਾਂਦੇ ਹਨ, ਉਸ ਦੇ ਹੱਕ, ਜਦੋਂ ਉਹ ਕੁੱਖ 'ਚ ਹੀ ਮਾਰ ਦਿੱਤੀ ਜਾਂਦੀ ਹੈ, ਜਦੋਂ ਉਸ ਨਾਲ ਬਲਾਤਕਾਰ ਹੁੰਦਾ ਹੈ, ਜਦੋਂ ਉਹ ਦਾਜ ਦਹੇਜ ਦੀ ਬਲੀ ਚੜ੍ਹਦੀ ਹੈ।

ਔਰਤਾਂ ਖਿਲਾਫ਼ ਅਪਰਾਧ ਤਾਂ ਦੇਸ਼ 'ਚ ਇੰਨਾ ਵਧ ਗਿਆ ਹੈ ਕਿ ਰਾਸ਼ਟਰੀ ਅਪਰਾਧ ਬਿਊਰੋ (ਐਨ.ਸੀ.,ਆਰ.ਬੀ.) ਵਲੋਂ ਜਾਰੀ ਅੰਕੜਿਆਂ ਅਨੁਸਾਰ 2022 'ਚ ਔਰਤਾਂ ਖਿਲਾਫ ਅਪਰਾਧ ਦੇ ਸਿਲਸਿਲੇ 'ਚ ਹਰ ਘੰਟੇ ਲਗਭਗ 51 ਐਫ ਆਈ ਆਰ ਦਰਜ਼ ਕੀਤੀਆਂ ਗਈਆਂ। ਔਰਤਾਂ ਖਿਲਾਫ ਅਪਰਾਧ ਮੁੱਖ ਤੌਰ 'ਤੇ ਉਹਨਾ ਦੇ ਪਤੀ ਜਾਂ ਰਿਸ਼ਤੇਦਾਰ ਕਰਦੇ ਹਨ। ਔਰਤਾਂ ਦਾ ਅਪਹਰਨ ਹੁੰਦਾ ਹੈ। ਉਹਨਾ ਨਾਲ ਬਲਾਤਕਾਰ ਹੁੰਦਾ ਹੈ। 2022 'ਚ ਔਰਤਾਂ ਖਿਲਾਫ ਅਪਰਾਧ ਦੇ ਕੁੱਲ. 4,45,256 ਮੁਕੱਦਮੇ ਦਰਜ਼ ਹੋਏ।

2021 'ਚ ਇਹਨਾ ਦੀ ਗਿਣਤੀ, 4,28,270 ਸੀ ਜਦਕਿ 2020 'ਚ ਇਹ ਗਿਣਤੀ 3,71,503 ਸੀ। ਇਹ ਹੈਰਾਨੀ ਜਨਕ ਵਾਧਾ ਮਨੁੱਖੀ ਅਧਿਕਾਰਾਂ 'ਚ ਵਾਧੇ ਦੀ ਮੂੰਹ ਬੋਲਦੀ ਤਸਵੀਰ ਹੈ। ਹਾਲਾਂਕਿ ਇਹ ਗਿਣਤੀ ਲੱਖਾਂ 'ਚ ਹੈ, ਪਰ ਇਸ ਤੋਂ ਵੀ ਕਿਤੇ ਵਧ ਅਪਰਾਧ ਔਰਤਾਂ ਖਿਲਾਫ ਹੁੰਦੇ ਹਨ, ਜਿਹੜੇ ਕਿਧਰੇ ਦਰਜ਼ ਹੀ ਨਹੀਂ ਹੁੰਦੇ।

ਭਾਰਤੀ ਸਮਾਜ ਵਿੱਚ ਮਨੁੱਖੀ ਅਧਿਕਾਰਾਂ ਦੇ ਹਨਨ ਦਾ ਸ਼ਿਕਾਰ ਮੁੱਖ ਰੂਪ 'ਚ ਔਰਤਾਂ ਅਤੇ ਗਰੀਬ ਵਿਅਕਤੀ ਹਨ। ਪੁਲਿਸ ਵਿਭਾਗ ਨੂੰ ਮੁੱਖ ਤੌਰ 'ਤੇ ਮਨੁੱਖੀ ਅਧਿਕਾਰਾਂ ਦੇ ਹਨਨ ਦਾ ਦੋਸ਼ੀ ਮੰਨਿਆ ਜਾਂਦਾ ਹੈ। ਬੰਧੂਆਂ ਮਜ਼ਦੂਰੀ, ਬਾਲ ਮਜ਼ਦੂਰੀ, ਆਦਿਵਾਸੀਆਂ ਦਾ ਸ਼ੋਸ਼ਣ ਤਾਂ ਦੇਸ਼ 'ਚ ਆਮ ਮਿਲਦਾ ਹੈ। ਯੂਨੈਸਕੋ ਨੇ ਇੱਕ ਰਿਪੋਰਟ ਛਾਪੀ ਹੈ, ਜਿਸ ਅਨੁਸਾਰ ਭਾਰਤ ਵਿੱਚ 150 ਲੱਖ ਬੱਚੀਆਂ ਪੈਦਾ ਹੁੰਦੀਆਂ ਹਨ ਜਿਹਨਾ ਵਿੱਚੋਂ 25 ਫੀਸਦੀ ਦੀ ਮੌਤ 15 ਸਾਲ ਦੀ ਉਮਰ ਤੋਂ ਪਹਿਲਾਂ ਹੋ ਜਾਂਦੀ ਹੈ। ਸਪਸ਼ਟ ਹੈ ਕਿ ਔਰਤਾਂ ਆਪਣੇ ਹੱਕਾਂ ਦੇ ਨਾਲ-ਨਾਲ ਆਪਣੀ ਹੋਂਦ ਬਚਾਉਣ ਦੀ ਲੜਾਈ ਵੀ ਲੜ ਰਹੀਆਂ ਹਨ।

ਬਿਨ੍ਹਾਂ ਸ਼ੱਕ ਭਾਰਤੀ ਸੰਵਿਧਾਨ ਮਨੁੱਖੀ ਹੱਕਾਂ ਦੀ ਗਰੰਟੀ ਦਿੰਦਾ ਹੈ। ਪਰ ਇਹ ਗਰੰਟੀਆਂ ਸਿਰਫ਼ ਸ਼ਬਦਾਂ ਦਾ ਸ਼ਿੰਗਾਰ ਬਣਕੇ ਰਹਿ ਗਈਆਂ ਹਨ। ਅੱਜ ਵਿਕਾਸ ਦੇ ਨਾਮ ਉਤੇ ਦੇਸ਼ 'ਚ ਮਾਨਵ ਅਧਿਕਾਰਾਂ ਦਾ ਘਾਣ ਹੋ ਰਿਹਾ ਹੈ। ਗਰੰਟੀਆਂ ਦੇ ਕੇ ਵੋਟਾਂ ਹਥਿਆਉਣ ਦਾ ਯਤਨ ਹੋ ਰਿਹਾ ਹੈ। ਅੱਜ ਜਦੋਂ ਸਮਾਜ ਵਿਚੋਂ ਹਰ ਪ੍ਰਕਾਰ ਦਾ ਭੇਦਭਾਵ ਖ਼ਤਮ ਕਰਨ ਦੀ ਲੋੜ ਹੈ, ਉਸ ਸਮੇਂ ਸਿਆਸੀਤੰਤਰ ਇਸ ਰਾਸ਼ਟਰੀ ਮੰਤਵ ਨੂੰ ਪ੍ਰਾਪਤ ਕਰਨ 'ਚ ਕਾਮਯਾਬ ਨਹੀਂ ਹੋ ਰਿਹਾ। ਅਸਲ 'ਚ ਦੇਸ਼ 'ਚ ਮਨੁੱਖੀ ਅਧਿਕਾਰਾਂ ਦੇ ਦ੍ਰਿਸ਼ਟੀਗੋਚਰ ਹੋ ਰਹੀਆਂ ਸਮੱਸਿਆਵਾਂ, ਮੌਲਿਕ ਅਧਿਕਾਰਾਂ ਦੀ ਉਲੰਘਣਾ ਦੀ ਪੈਦਾਇਸ਼ ਹਨ।

ਬਿਨ੍ਹਾਂ ਸ਼ੱਕ ਦੇਸ਼ ਵਿੱਚ ਮਨੁੱਖੀ ਹੱਕਾਂ ਦੀ ਰਾਖੀ ਲਈ ਜਮਹੂਰਤੀਅਤ ਵਿੱਚ ਵਿਸ਼ਵਾਸ਼ ਰੱਖਣ ਵਾਲੇ ਬੁੱਧੀਜੀਵੀ ਪੱਤਰਕਾਰ, ਵਕੀਲ, ਅਧਿਕਾਰ, ਟ੍ਰੇਡ ਯੂਨੀਅਨਾਂ, ਕਿਸਾਨ ਯੂਨੀਅਨਾਂ ਇਕੱਠਿਆਂ ਹੋ ਕੇ ਅਵਾਜ਼ ਬੁਲੰਦ ਕਰ ਰਹੇ ਹਨ, ਪਰ ਧਰਮ, ਜਾਤ, ਰੰਗ, ਲਿੰਗ ਭੇਦ ਦੇ ਨਾਂਅ ਉਤੇ ਵਧ ਰਹੇ ਪਾੜੇ ਕਾਰਨ ਇਹ ਆਵਜ਼ ਮੱਧਮ ਦਿਖਾਈ ਦਿੰਦੀ ਹੈ, ਕਿਉਂਕਿ ਦੇਸ਼ ਦੀ ਨੌਕਰਸ਼ਾਹੀ, ਹਾਕਮ ਧਿਰ ਨਾਲ ਰਲਕੇ ਇਹੋ ਜਿਹਾ ਬਿਰਤਾਂਤ ਸਿਰਜ ਰਹੀ ਹੈ, ਜਿਹੜਾ ਭਵਿੱਖ ਵਿੱਚ ਦੇਸ਼ ਲਈ ਸਾਜਗਾਰ ਨਹੀਂ ਰਹੇਗਾ।

# ਨੀਟ ਯੂਜੀ 2024 ਦੀ ਪ੍ਰੀਖਿਆ ਵਿੱਚ 600 ਪਲੱਸ ਸਕੋਰ ਕਿਵੇਂ ਕਰੀਏ

-ਵਿਜੈ ਗਰਗ-

ਨੀਟ ਯੂਜੀ 2024 ਪ੍ਰੀਖਿਆ ਵਿੱਚ 600 ਤੋਂ ਵੱਧ ਸਕੋਰ: ਨੈਸ਼ਨਲ ਐਲੀਜੀਬਿਲਟੀ ਕਮ ਐਂਟਰੈਂਸ ਟੈਸਟ ਬਹੁਤ ਸਾਰੇ ਚਾਹਵਾਨ ਮੈਡੀਕਲ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਇੱਕ ਗੇਟਵੇ ਹੈ। ਇਹ ਮੈਡੀਕਲ ਅਤੇ ਦੰਦਾਂ ਦੀ ਪੜ੍ਹਾਈ ਲਈ ਉਮੀਦਵਾਰਾਂ ਦੀ ਯੋਗਤਾ ਦਾ ਮੁਲਾਂਕਣ ਕਰਨ ਲਈ ਤਿਆਰ ਕੀਤਾ ਗਿਆ ਹੈ। ਨੀਟ ਇਕਲੌਤੀ ਪ੍ਰਵੇਸ਼ ਪ੍ਰੀਖਿਆ ਹੈ ਜੋ ਭਾਰਤ ਭਰ ਦੀਆਂ ਬਹੁਤ ਸਾਰੀਆਂ ਵੱਕਾਰੀ ਸੰਸਥਾਵਾਂ ਵਿੱਚ ਦਾਖਲੇ ਦੇ ਦਰਵਾਜ਼ੇ ਖੋਲ੍ਹਦੀ ਹੈ। ਨੀਟ 2024 ਪ੍ਰੀਖਿਆ ਵਿੱਚ 600 ਤੋਂ ਵੱਧ ਅੰਕ ਪ੍ਰਾਪਤ ਕਰਨ ਦੇ ਚਾਹਵਾਨ ਵਿਦਿਆਰਥੀਆਂ ਨੂੰ ਅਕਾਦਮਿਕ ਗਿਆਨ ਤੋਂ ਵੱਧ ਦੀ ਲੋੜ ਹੁੰਦੀ ਹੈ, ਇਹ ਇਸ ਖੇਡ ਨੂੰ ਜਿੱਤਣ ਲਈ ਇੱਕ ਚੇਤੰਨ ਅਤੇ ਰਣਨੀਤਕ ਪਹੁੰਚ ਦੀ ਮੰਗ ਕਰਦਾ ਹੈ। ਨੀਟ 2024 ਪ੍ਰੀਖਿਆ ਵਿੱਚ 600 ਤੋਂ ਵੱਧ ਸਕੋਰ ਕਰੋ ਅਤੇ ਆਪਣੀ ਮੰਜ਼ਿਲ ਤੱਕ ਪਹੁੰਚਣ ਲਈ ਇੱਕ ਰੋਡ ਮੈਪ ਪ੍ਰਦਾਨ ਕਰੋ। ਐਨਸੀਈਆਰਟੀ ਬਾਇਓਲੋਜੀ ਦੀਆਂ ਕਿਤਾਬਾਂ ਨੂੰ ਅੱਗੇ ਵਧਾਓ ਨੀਟ ਯਾਤਰਾ ਵਿੱਚ, ਐਨਸੀਈਆਰਟੀ ਜੀਵ ਵਿਗਿਆਨ ਨੂੰ ਭਗਵਦ ਗੀਤਾ ਦੇ ਰੂਪ ਵਿੱਚ ਵਿਚਾਰੋ।

ਇਹ ਸਿਰਫ਼ ਇੱਕ ਪਾਠ ਪੁਸਤਕ ਨਹੀਂ ਹੈ; ਇਹ ਜੀਵ ਵਿਗਿਆਨ ਦੇ ਵੱਖ-ਵੱਖ ਪਹਿਲੂਆਂ ਨੂੰ ਸਮਝਣ ਵਿੱਚ ਤੁਹਾਡੀ ਮਦਦ ਕਰਨ ਲਈ ਇੱਕ ਗਾਈਡ ਵਾਂਗ ਹੈ। ਬਾਇਓਲੋਜੀ ਸਟੱਡੀ ਮਟੀਰੀਅਲ ਦਾ ਅਧਿਐਨ ਕਰਦੇ ਸਮੇਂ ਜਲਦਬਾਜ਼ੀ ਕਰਨ ਦੀ ਕੋਈ ਲੋੜ ਨਹੀਂ, ਕਿਉਂਕਿ ਜਦੋਂ ਬਾਇਓਲੋਜੀ ਵਿਸ਼ਿਆਂ ਦੀ ਤਿਆਰੀ ਦੀ ਗੱਲ ਆਉਂਦੀ ਹੈ ਤਾਂ ਐਨਸੀਈਆਰਟੀ ਦੀਆਂ ਕਿਤਾਬਾਂ ਤੋਂ ਅੱਗੇ ਕੁਝ ਵੀ ਨਹੀਂ ਹੁੰਦਾ। ਮਾਸਟਰ ਆਰਗੈਨਿਕ ਕੈਮਿਸਟਰੀ ਨੀਟ ਕੈਮਿਸਟਰੀ ਵਿੱਚ ਆਰਗੈਨਿਕ ਕੈਮਿਸਟਰੀ ਇੱਕ ਵੱਡੀ ਭੂਮਿਕਾ ਨਿਭਾਉਂਦੀ ਹੈ, ਅਤੇ ਇਹ ਇੱਕ ਕਿਸਮ ਦਾ ਹੈਵੀਵੇਟ ਹੈ। ਤੁਸੀਂ ਜਾਣਦੇ ਹੋ, ਇਹ ਤੁਹਾਡੇ ਕੈਮਿਸਟਰੀ ਸਕੋਰ ਨੂੰ ਪ੍ਰਭਾਵਤ ਕਰ ਸਕਦਾ ਹੈ। ਇਸ ਲਈ, ਇਹ ਉਹ ਖੇਤਰ ਹੈ ਜਿੱਥੇ ਤੁਹਾਨੂੰ ਇਸਦੀ ਮਹੱਤਤਾ ਨੂੰ ਸਮਝਣ ਲਈ ਵਾਧੂ ਧਿਆਨ ਦੇਣ ਦੀ ਲੋੜ ਹੈ। ਤੁਹਾਨੂੰ ਹਰ ਛੋਟੇ ਵੇਰਵੇ ਨੂੰ ਯਾਦ ਕਰਨ ਦੀ ਲੋੜ ਨਹੀਂ ਹੈ। ਇਸ ਦੀ ਬਜਾਏ, ਪ੍ਰਤੀਕਰਮਾਂ ਦੇ ਪੈਟਰਨਾਂ ਨੂੰ ਸਮਝਣ 'ਤੇ ਧਿਆਨ ਕੇਂਦਰਤ ਕਰੋ। ਅਣੂਆਂ ਦੇ ਵਿਹਾਰ ਨੂੰ ਸਮਝਣ ਲਈ ਕੁਝ ਚੁਸਤ ਰਣਨੀਤੀਆਂ ਬਣਾਓ।

ਸਹੀ ਪਹੁੰਚ ਦੇ ਨਾਲ, ਔਰਗੈਨਿਕ ਕੈਮਿਸਟਰੀ ਵਿੱਚ ਮੁਹਾਰਤ ਹਾਸਲ ਕਰਨਾ ਇੱਕ ਮੁਸ਼ਕਲ ਕੰਮ ਦੀ ਬਜਾਏ ਇੱਕ ਦਿਲਚਸਪ ਯਾਤਰਾ ਵਾਂਗ ਬਣ ਜਾਂਦਾ ਹੈ। ਭੌਤਿਕ ਵਿਗਿਆਨ ਨਾਲ ਵਧੇਰੇ ਸਮਾਂ ਬਿਤਾਓ ਨੀਟ ਵਿੱਚ ਭੌਤਿਕ ਵਿਗਿਆਨ ਦੀ ਬੁਝਾਰਤ ਨੂੰ ਪਾਸ ਫਾਰਮੂਲੇ ਸਿੱਖਣ ਬਾਰੇ ਨਹੀਂ ਹੈ, ਕਿਉਂਕਿ ਉਹ ਬੇਅੰਤ ਹਨ। ਭੌਤਿਕ ਵਿਗਿਆਨ ਵਿੱਚ ਫਾਰਮੂਲਿਆਂ ਨੂੰ ਘੜਨ ਦੀ ਬਜਾਏ, ਉਹਨਾਂ ਦੇ ਪਿੱਛੇ ਦੀ ਵਿਉਤਪੱਤੀ ਅਤੇ ਸੰਕਲਪ ਨੂੰ ਸਮਝਣਾ ਸ਼ੁਰੂ ਕਰੋ। ਭਾਵੇਂ ਤੁਸੀਂ ਇਮਤਿਹਾਨ ਦੌਰਾਨ ਫਾਰਮੂਲਾ ਭੁੱਲ ਜਾਂਦੇ ਹੋ, ਜੇਕਰ ਤੁਹਾਡੀਆਂ ਧਾਰਨਾਵਾਂ ਸਪੱਸ਼ਟ ਹਨ, ਤਾਂ ਵੀ ਤੁਸੀਂ ਭੌਤਿਕ ਵਿਗਿਆਨ ਵਿੱਚ ਆਪਣੀ ਮਜ਼ਬੂਤ ਨੀਂਹ ਦੇ ਨਾਲ ਭੌਤਿਕ ਵਿਗਿਆਨ ਭਾਗ ਨੂੰ ਦਰਾੜ ਸਕਦੇ ਹੋ। ਇੱਕ ਵਾਰ ਜਦੋਂ ਤੁਸੀਂ ਇਸਨੂੰ ਸੰਕਲਪਾਂ ਅਤੇ ਤਰਕ ਦੇ ਮਿਸ਼ਰਣ ਵਜੋਂ ਦੇਖਦੇ ਹੋ, ਤਾਂ ਭੌਤਿਕ ਵਿਗਿਆਨ ਕੋਡ ਨੂੰ ਕ੍ਰੈਕ ਕਰਨਾ ਤੁਹਾਡੀ ਨੀਟ ਯਾਤਰਾ ਵਿੱਚ ਇੱਕ ਵਧੇਰੇ ਪ੍ਰਬੰਧਨਯੋਗ ਅਤੇ ਹੋਰ ਵੀ ਮਜ਼ੇਦਾਰ ਚੁਣੌਤੀ ਬਣ ਜਾਂਦਾ ਹੈ। ਅਭਿਆਸ ਕੁੰਜੀ ਹੈ ਨੀਟ ਦੀ ਯਾਤਰਾ ਵਿੱਚ ਅਭਿਆਸ ਤੁਹਾਡੀ ਮਹਾਸ਼ਕਤੀ ਬਣੇਗਾ। ਇਹ ਹਰ ਰੋਜ਼ ਅਭਿਆਸ ਕਰਕੇ, ਆਪਣੇ ਦਿਮਾਗ ਦੀਆਂ ਮਾਸਪੇਸ਼ੀਆਂ ਨੂੰ ਨਿਯਮਿਤ ਤੌਰ 'ਤੇ ਲਚਾਉਣ ਵਰਗਾ ਹੈ। ਤੁਸੀਂ ਸਿਰਫ਼ ਚੀਜ਼ਾਂ ਨੂੰ ਯਾਦ ਨਹੀਂ ਕਰ ਰਹੇ ਹੋ ਬਲਕਿ ਇਹ ਸਮਝ ਰਹੇ ਹੋ ਕਿ ਚੀਜ਼ਾਂ ਕਿਵੇਂ ਕੰਮ ਕਰਦੀਆਂ ਹਨ। ਹੈਰਾਨੀਜਨਕ ਗੱਲ ਇਹ ਹੈ ਕਿ, ਜਦੋਂ ਤੁਸੀਂ ਕੋਈ ਗਲਤੀ ਕਰਦੇ ਹੋ, ਇਹ ਮਾਰੂਥਲ ਵਿੱਚ ਇੱਕ ਖਜ਼ਾਨਾ ਲੱਭਣ ਵਰਗਾ ਹੈ। ਨਿਯਮਿਤ ਤੌਰ 'ਤੇ ਅਭਿਆਸ ਕਰਨ ਨਾਲ, ਤੁਸੀਂ ਸਿੱਖਦੇ ਹੋ ਕਿ ਤੁਹਾਨੂੰ ਕਿੱਥੇ ਸੁਧਾਰ ਕਰਨ ਦੀ ਲੋੜ ਹੈ। ਪਰ, ਤੁਸੀਂ ਜਾਣਦੇ ਹੋ, ਇਹ ਹਜ਼ਾਰਾਂ ਸਵਾਲ ਕਰਨ ਬਾਰੇ ਨਹੀਂ ਹੈ, ਇਹ ਬਹੁਤ ਸਾਰੇ ਅਭਿਆਸ ਕਰਨ ਅਤੇ ਇਸ ਨੂੰ ਸਮਝਦਾਰੀ ਨਾਲ ਕਰਨ ਦੇ ਵਿਚਕਾਰ ਸਹੀ ਸੰਤੁਲਨ ਲੱਭਣ ਬਾਰੇ ਹੈ। ਪ੍ਰੀਖਿਆ ਵਿੱਚ 600 ਪਲੱਸ ਸਕੋਰ ਕਰਨ ਲਈ ਜੀਵ ਵਿਗਿਆਨ ਵਿੱਚ 330 ਦਾ ਟੀਚਾ ਰੱਖੋ 330 ਟੀਚਾ ਨਿਰਧਾਰਤ ਕਰਨਾ ਤੁਹਾਡੇ ਨਕਸ਼ੇ 'ਤੇ ਇੱਕ ਮੰਜ਼ਲਿ ਹੋਣ ਵਰਗਾ ਹੈ। ਹੁਣ, ਤੁਹਾਨੂੰ ਇਹ ਪਤਾ ਕਰਨ ਦੀ ਲੋੜ ਹੈ ਕਿ ਉੱਥੇ ਕਿਵੇਂ ਪਹੁੰਚਣਾ ਹੈ। ਇਹ ਸਾਰੇ ਵੇਰਵਿਆਂ ਨੂੰ ਘੜਨ ਬਾਰੇ ਨਹੀਂ ਹੈ; ਇਹ ਹਰ ਇੱਕ ਸੰਕਲਪ ਵਿੱਚ ਡੂੰਘਾਈ ਵਿੱਚ ਗੋਤਾਖੋਰੀ ਕਰਨ ਬਾਰੇ ਹੈ, ਅਤੇ ਇਸ ਨੂੰ ਕਿਉਂ ਅਤੇ ਕਿਵੇਂ ਸਮਝਣਾ ਹੈ।

ਬਾਇਓਲੋਜੀ ਐਨਸੀਈਆਰਟੀ ਦੀਆਂ ਕਿਤਾਬਾਂ ਨੂੰ ਨਿਯਮਿਤ ਤੌਰ 'ਤੇ ਪੜ੍ਹਨ ਦੀ ਆਦਤ ਬਣਾਓ ਅਤੇ ਜੀਵਾਂ ਦੀ ਅਦਭੁਤ ਦੁਨੀਆ ਨੂੰ ਸਮਝੋ। ਇੱਥੇ ਤੁਸੀਂ ਨੀਟ ਯੂਜੀ 2024 ਲਈ ਜੀਵ ਵਿਗਿਆਨ ਵਿੱਚ 330 ਸਕੋਰ ਕਰਨ ਲਈ ਹੋਰ ਵੇਰਵੇ ਪ੍ਰਾਪਤ ਕਰ ਸਕਦੇ ਹੋ। ਪ੍ਰੀਖਿਆ ਵਿੱਚ ਸਕੋਰ ਕਰਨ ਲਈ ਕੈਮਿਸਟਰੀ ਵਿੱਚ 150 ਅੰਕ ਪ੍ਰਾਪਤ ਕਰੋ ਹੁਣ ਅਸੀਂ ਨੀਟ ਯੂਜੀ ਕੈਮਿਸਟਰੀ ਵਿੱਚ 150 ਦੇ ਸਕੋਰ ਦਾ ਟੀਚਾ ਬਣਾ ਰਹੇ ਹਾਂ, ਅਤੇ ਇਹ ਸੰਭਵ ਹੈ। ਰਸਾਇਣ ਵਿਗਿਆਨ ਕੇਵਲ ਰਸਾਇਣਕ ਪ੍ਰਤੀਕ੍ਰਿਆਵਾਂ ਬਾਰੇ ਨਹੀਂ ਹੈ; ਇਹ ਐਟਮਾਂ, ਇਲੈਕਟ੍ਰੌਨਾਂ ਅਤੇ ਪ੍ਰੋਟੋਨਾਂ ਦੀ ਗਤੀ ਨੂੰ ਸਮਝਣ ਵਰਗਾ ਹੈ। ਇਸ ਲਈ, 150 ਟੀਚੇ ਨਿਰਧਾਰਤ ਕਰਨਾ ਤੁਹਾਡੇ ਲਈ ਉੱਚ-ਪੰਜ ਪਲ ਉਡੀਕਣ ਵਰਗਾ ਹੈ. ਹੁਣ, ਤੁਸੀਂ ਇਸ ਤੱਕ ਕਿਵੇਂ ਪਹੁੰਚੋਗੇ? ਖੈਰ, ਇਹ ਸਾਰੀਆਂ ਪ੍ਰਤੀਕ੍ਰਿਆਵਾਂ ਨੂੰ ਯਾਦ ਕਰਨ ਬਾਰੇ ਨਹੀਂ ਹੈ; ਇਹ ਤਰਕ ਨੂੰ ਪਿੱਛੇ ਛੱਡਣ ਬਾਰੇ ਹੈਉਹ, ਖਾਸ ਕਰਕੇ ਭੌਤਿਕ ਰਸਾਇਣ ਵਿਗਿਆਨ ਵਿੱਚ। ਇਹ ਸਕੋਰ ਆਸਾਨੀ ਨਾਲ ਪ੍ਰਾਪਤ ਕੀਤਾ ਜਾ ਸਕਦਾ ਹੈ ਜੇਕਰ ਤੁਸੀਂ ਭੌਤਿਕ ਕੈਮਿਸਟਰੀ ਦੀ ਚੰਗੀ ਕਮਾਂਡ ਰੱਖਦੇ ਹੋ. ਪ੍ਰੀਖਿਆ ਵਿੱਚ 600 ਪਲੱਸ ਸਕੋਰ ਕਰਨ ਲਈ ਭੌਤਿਕ ਵਿਗਿਆਨ ਲਈ 120 ਸੈੱਟ ਕਰੋ ਹੁਣ ਤੱਕ, ਅਸੀਂ ਜੀਵ ਵਿਗਿਆਨ ਅਤੇ ਰਸਾਇਣ ਵਿ-ਗਆਨ ਵਿੱਚ ਲਗਭਗ 480 ਅੰਕ ਪ੍ਰਾਪਤ ਕਰ ਚੁੱਕੇ ਹਾਂ, ਅਤੇ ਹੁਣ ਬਾਕੀ ਬਚੇ 120 ਨੂੰ ਭੌਤਿਕ ਵਿਗਿਆਨ ਵਿੱਚ ਕਵਰ ਕੀਤਾ ਜਾ ਸਕਦਾ ਹੈ। ਹਰੇਕ ਵਿਸ਼ੇ ਲਈ ਛੋਟੇ ਨੋਟ ਬਣਾਓ, ਇਹ ਤੁਹਾਨੂੰ ਸੰਸ਼ੋਧਨ ਵਿੱਚ ਵੀ ਮਦਦ ਕਰੇਗਾ। ਨੀਟ ਯੂਜੀ 2024 ਲਈ ਭੌਤਿਕ ਵਿਗਿਆਨ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਸਹੀ ਕਿਤਾਬਾਂ ਦੀ ਚੋਣ ਕਰੋ ਅਤੇ ਰਣਨੀਤੀਆਂ ਬਣਾਓ। ਇਹ ਸਭ ਕੁਝ ਇੱਕ ਨਿਰੰਤਰ ਰਫਤਾਰ ਨਾਲ ਚੁਸਤੀ ਨਾਲ ਅਭਿਆਸ ਕਰਨ ਬਾਰੇ ਹੈ ਅਤੇ ਇਹ ਸਕੋਰ ਕਰਨ ਲਈ ਪੂਰੀ ਤਰ੍ਹਾਂ ਪ੍ਰਾਪਤ ਕਰਨ ਯੋਗ ਹੈ। ਪਰ ਇਸ ਬਾਰੇ ਤਣਾਅ ਨਾ ਕਰੋ, ਕਿਉਂਕਿ ਆਪਣੇ ਆਲੇ ਦੁਆਲੇ ਦੇ ਅਸਲ ਸੰਸਾਰ ਨਾਲ ਕਾਨੂੰਨਾਂ ਅਤੇ ਧਾਰਨਾਵਾਂ ਦੀ ਤੁਲਨਾ ਕਰਕੇ ਭੌਤਿਕ ਵਿਗਿਆਨ ਸਿੱਖਣਾ ਮਜ਼ੇਦਾਰ ਹੈ। ਸਮਾਂ ਪ੍ਰਬੰਧਨ ਤੁਹਾਨੂੰ ਸਾਰੇ ਵਿਸ਼ਿਆਂ ਵਿਚਕਾਰ ਸੰਤੁਲਨ ਬਣਾਉਣ ਅਤੇ ਹਰੇਕ ਵਿਸ਼ੇ ਤੋਂ ਪ੍ਰਸ਼ਨ ਹੱਲ ਕਰਨ ਦੀ ਲੋੜ ਹੋਵੇਗੀ। ਹਰ ਰੋਜ਼ ਅਧਿਐਨ ਦੀ ਇੱਕ ਲੈਅ ਬਣਾਓ, ਇਹ ਪ੍ਰਸ਼ਨਾਂ ਵਿੱਚ ਕਾਹਲੀ ਕਰਨ ਬਾਰੇ ਨਹੀਂ ਹੈ, ਇਹ ਸਭ ਸੰਕਲਪਾਂ ਦਾ ਅਨੰਦ ਲੈਣ ਬਾਰੇ ਹੈ।

ਪ੍ਰਸ਼ਨ ਹੱਲ ਕਰਦੇ ਸਮੇਂ, ਕੋਈ ਵੀ ਪ੍ਰਸ਼ਨ ਨੱਥੀ ਨਾ ਕਰੋ। ਇਸ ਨੂੰ ਆਪਣੀ ਹਉਮੈ 'ਤੇ ਨਾ ਲਓ ਕਿਉਂਕਿ ਕਿਸੇ ਵੀ ਪ੍ਰਸ਼ਨ ਵਿਚ ਫਸਣਾ ਸੁਭਾਵਿਕ ਹੈ। ਤੁਹਾਨੂੰ ਬੱਸ ਇਸਨੂੰ ਛੱਡਣ ਅਤੇ ਅਗਲੇ ਸਵਾਲ 'ਤੇ ਧਿਆਨ ਦੇਣ ਦੀ ਲੋੜ ਹੈ। ਪਿਛਲੇ ਸਾਲ ਦੇ ਸਵਾਲ ਨੀਟ ਯੂਜੀ 2024 ਇਮਤਿਹਾਨ ਨੂੰ ਹਾਸਲ ਕਰਨ ਲਈ ਇਹ ਤੁਹਾਡਾ ਗੁਪਤ ਹਥਿਆਰ ਹੋਵ-ਗਾ। ਪਿਛਲੇ ਸਾਲਾਂ ਦੇ ਪ੍ਰਸ਼ਨ ਪੱਤਰਾਂ ਨੂੰ ਹੱਲ ਕਰਨਾ ਤੁਹਾਨੂੰ ਪ੍ਰੀਖਿਆ ਦੇ ਪੈਟਰਨ ਤੋਂ ਜਾਣੂ ਕਰਵਾਉਣ ਵਿੱਚ ਮਦਦ ਕਰੇਗਾ। ਇਹ ਇਮਤਿਹਾਨ ਦੇ ਦਿਨ ਦੀ ਰੋਜ਼ਾਨਾ ਰਿਹਰਸਲ ਕਰਨ ਅਤੇ ਇਸ ਨੂੰ ਆਦਤ ਬਣਾਉਣ ਵਰਗਾ ਹੈ। ਇਸ ਤੋਂ ਇਲਾਵਾ, ਨੀਟ ਯੂਜੀ ਦੇ ਚਾਹਵਾਨਾਂ ਨੂੰ ਦਿੱਤੀ ਗਈ ਸਮਾਂ ਸੀਮਾ ਵਿੱਚ ਵੱਖ-ਵੱਖ ਕਿਸਮਾਂ ਦੇ ਪ੍ਰਸ਼ਨਾਂ ਦਾ ਅਭਿਆਸ ਕਰਨ ਲਈ ਮੌਕ ਟੈਸਟਾਂ ਦਾ ਅਭਿਆਸ ਕਰਨ ਦਾ ਸੁਝਾਅ ਦਿੱਤਾ ਜਾਂਦਾ ਹੈ। ਪਿਛਲੇ ਸਾਲਾਂ ਦੇ ਪ੍ਰਸ਼ਨ ਪੱਤਰਾਂ ਦਾ ਅਭਿਆਸ ਕਰਨਾ ਤੁਹਾਡੀਆਂ ਖੂਬੀਆਂ ਅਤੇ ਕਮਜ਼ੋਰੀਆਂ ਨੂੰ ਛੁਪਾਏਗਾ ਤਾਂ ਜੋ ਤੁਸੀਂ ਉਸ ਭਾਗ ਵਿੱਚ ਵਧੇਰੇ ਸਮਾਂ ਲਗਾ ਕੇ ਆਪਣੇ ਕਮਜ਼ੋਰ ਖੇਤਰਾਂ ਵਿੱਚ ਸੁਧਾਰ ਕਰ ਸਕੋ। ਇਮਤਿਹਾਨ ਵਿੱਚ 600 ਪਲੱਸ ਸਕੋਰ ਕਰਨ ਲਈ, ਵਿਅਕਤੀ ਨੂੰ ਸਮਰਪਿਤ, ਵਿਧੀਗਤ, ਅਤੇ ਕੁਸ਼ਲ ਅਧਿਐਨ ਤਕਨੀਕਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਇੱਕ ਸਪਸ਼ਟ ਟੀਚਾ ਸਥਾਪਤ ਕਰਕੇ, ਤੁਹਾਡੀ ਤਿਆਰੀ ਨੂੰ ਵਿਸ਼ਿਆਂ ਵਿੱਚ ਵੰਡ ਕੇ, ਨੀਟ ਯੂਜੀ 2024 ਲਈ ਭੌਤਿਕ ਵਿਗਿਆਨ ਵਾਲੇ ਔਨਲਾਈਨ ਕੋਰਸਾਂ ਵਰਗੇ ਔਨਲਾਈਨ ਸਰੋਤਾਂ ਦੀ ਵਰਤੋਂ ਕਰਕੇ, ਅਤੇ ਪਿਛਲੇ ਸਾਲ ਦੇ ਪ੍ਰਸ਼ਨਾਂ ਅਤੇ ਨਕਲੀ ਪ੍ਰੀਖਿਆਵਾਂ ਨਾਲ ਅਭਿਆਸ ਕਰਕੇ ਸਫਲਤਾ ਦੀਆਂ ਸੰਭਾਵਨਾਵਾਂ ਨੂੰ ਬਹੁਤ ਵਧਾਇਆ ਜਾ ਸਕਦਾ ਹੈ।








## ਆਪਣੇ ਬੱਚਿਆਂ ਨੂੰ ਉਨ੍ਹਾਂ ਦੇ ਬੋਲਣ ਦੇ ਹੁਨਰ ਨੂੰ ਬਿਹਤਰ ਬਣਾਉਣ ਲਈ ਕਿਵੇਂ ਸਿਖਲਾਈ ਦਿੱਤੀ ਜਾਵੇ

-ਵਿਜੈ ਗਰਗ-

(ਤੁਹਾਡੇ ਬੱਚੇ ਦੇ ਬੋਲਣ ਦੇ ਹੁਨਰ ਨੂੰ ਵਧਾਉਣ ਲਈ ਗਾਈਡ) ਤੁਹਾਡੇ ਬੱਚੇ ਦੇ ਬੋਲਣ ਦੇ ਹੁਨਰ ਨੂੰ ਵਧਾਉਣ ਲਈ ਇੱਥੇ ਇੱਕ ਗਾਈਡ ਹੈ ਸੰਚਾਰ ਬੱਚੇ ਦੇ ਵਿਕਾਸ ਦੇ ਸਫ਼ਰ ਨੂੰ ਢਾਲਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ, ਅਤੇ ਮਾਪੇ ਹੋਣ ਦੇ ਨਾਤੇ, ਮਜ਼ਬੂਤ ਬੋਲਣ ਦੇ ਹੁਨਰ ਨੂੰ ਉਤਸ਼ਾਹਿਤ ਕਰਨਾ ਸਭ ਤੋਂ ਮਹੱਤਵਪੂਰਨ ਬਣ ਜਾਂਦਾ ਹੈ। ਜਨਤਕ ਸੈਟਿੰਗਾਂ ਵਿੱਚ ਆਪਣੇ ਆਪ ਨੂੰ ਪ੍ਰਗਟ ਕਰਦੇ ਸਮੇਂ ਬੱਚਿਆਂ ਲਈ ਆਤਮ-ਵਿਸ਼ਵਾਸ ਨਾਲ ਸੰਘਰਸ਼ ਕਰਨਾ ਅਸਧਾਰਨ ਨਹੀਂ ਹੈ। ਹਾਲਾਂਕਿ, ਤੁਹਾਡੇ ਬੱਚੇ ਨੂੰ ਸ਼ਕਤੀ ਪ੍ਰਦਾਨ ਕਰਨ ਅਤੇ ਚੰਗੇ ਸੰਚਾਰਕਾਂ ਵਜੋਂ ਉਨ੍ਹਾਂ ਦੇ ਵਿਸ਼ਵਾਸ ਨੂੰ ਪੈਦਾ ਕਰਨ ਲਈ ਕੁਝ ਵਿਹਾਰਕ ਅਤੇ ਆਨੰਦਦਾਇਕ ਪਹੁੰਚ ਹਨ। ਆਪਣੇ ਰੋਜ਼ਾਨਾ ਦੇ ਪਰਸਪਰ ਪ੍ਰਭਾਵ ਵਿੱਚ ਕੁਝ ਰਣਨੀਤੀਆਂ ਨੂੰ ਸਥਾਪਿਤ ਕਰਕੇ, ਤੁਸੀਂ ਇੱਕ ਸਹਾਇਕ ਵਾਤਾਵਰਣ ਬਣਾ ਸਕਦੇ ਹੋ ਜੋ ਉਹਨਾਂ ਦੇ ਬੋਲਣ ਦੇ ਹੁਨਰ ਨੂੰ ਪਾਲਦਾ ਹੈ, ਇੱਕ ਭਵਿੱਖ ਲਈ ਰਾਹ ਪੱਧਰਾ ਕਰਦਾ ਹੈ ਜਿੱਥੇ ਉਹ ਵੱਖ-ਵੱਖ ਸਮਾਜਿਕ ਸੰਦਰਭਾਂ ਵਿੱਚ ਭਰੋਸਾ ਅਤੇ ਭਾਵਪੂਰਣ ਮਹਿਸੂਸ ਕਰਦੇ ਹਨ। ਤੁਹਾਡੇ ਬੱਚੇ ਨੂੰ ਇੱਕ ਭਰੋਸੇਮੰਦ ਅਤੇ ਸਪਸ਼ਟ ਸੰਚਾਰਕ ਬਣਨ ਵਿੱਚ ਮਦਦ ਕਰਨ ਲਈ ਇੱਥੇ ਕੁਝ ਵਿਹਾਰਕ ਅਤੇ ਮਜ਼ੇਦਾਰ ਤਰੀਕੇ ਹਨ। ਰੋਜ਼ਾਨਾ ਗੱਲਬਾਤ ਆਪਣੇ ਬੱਚੇ ਨੂੰ ਬਾਕਾਇਦਾ ਗੱਲਬਾਤ ਵਿੱਚ ਸ਼ਾਮਲ ਕਰੋ, ਜਿਸ ਨਾਲ ਉਹ ਸੁਣਿਆ ਅਤੇ ਮੁੱਲਵਾਨ ਮਹਿਸੂਸ ਕਰੋ। ਉਹਨਾਂ ਨੂੰ ਆਪਣੇ ਵਿਚਾਰਾਂ, ਅਨੁਭਵਾਂ ਅਤੇ ਭਾਵਨਾਵਾਂ ਨੂੰ ਸਾਂਝਾ ਕਰਨ ਲਈ ਉਤਸ਼ਾਹਿਤ ਕਰੋ। ਉਨ੍ਹਾਂ ਨੂੰ ਤੁਹਾਡੇ ਤੋਂ ਇਲਾਵਾ ਹੋਰ ਲੋਕਾਂ ਨਾਲ ਗੱਲ ਕਰਨ ਦੀ ਕੋਸ਼ਿਸ਼ ਕਰੋ, ਇਸ ਨਾਲ ਉਨ੍ਹਾਂ ਦੇ ਆਤਮ ਵਿਸ਼ਵਾਸ ਨੂੰ ਹੁਲ-ਾਰਾ ਮਿਲੇਗਾ। ਇਹ ਕੈਮਬ੍ਰਿਜ ਦੁਆਰਾ ਵੀ ਸੁਝਾਅ ਦਿੱਤਾ ਗਿਆ ਹੈ ਕਿਉਂਕਿ ਇਹ ਨਾ ਸਿਰਫ਼ ਉਨ੍ਹਾਂ ਦੇ ਬੋਲਣ ਦੇ ਹੁਨਰ ਨੂੰ ਵਧਾਉਂਦਾ ਹੈ ਬਲਕਿ ਮਾਤਾ-ਪਿਤਾ-ਬੱਚੇ ਦੇ ਰਿਸ਼ਤੇ ਨੂੰ ਵੀ ਮਜ਼ਬੂਤ ਕਰਦਾ ਹੈ। ਰੋਲ ਮਾਡਲਿੰਗ ਚੰਗੀ ਗੱਲਬਾਤ ਉਦਾਹਰਨ ਦੇ ਕੇ ਅਗਵਾਈ ਕਰੋ. ਆਪਣੇ ਬੱਚੇ ਨੂੰ ਸਰਗਰਮੀ ਨਾਲ ਸੁਣ ਕੇ, ਅੱਖਾਂ ਦੇ ਸੰਪਰਕ ਨੂੰ ਬਣਾਈ ਰੱਖਣ, ਅਤੇ ਸੋਚ-ਸਮਝ ਕੇ ਜਵਾਬ ਦੇ ਕੇ ਪ੍ਰਭਾਵਸ਼ਾਲੀ ਸੰਚਾਰ ਦਾ ਪ੍ਰਦਰਸ਼ਨ ਕਰੋ। ਬੱਚੇ ਅਕਸਰ ਆਪਣੇ ਮਾਤਾ-ਪਿਤਾ ਦੀਆਂ ਸੰਚਾਰ ਸ਼ੈਲੀਆਂ ਨੂੰ ਪ੍ਰਤੀਬਿੰਬਤ ਕਰਦੇ ਹਨ, ਇਸਲਈ ਉਨ੍ਹਾਂ ਨਾਲ ਅਤੇ ਦੂਜਿਆਂ ਨਾਲ ਗੱਲਬਾਤ ਕਰਨ ਦੀਆਂ ਆਪਣੀਆਂ ਆਦਤਾਂ ਦਾ ਧਿਆਨ ਰੱਖੋ। ਯਾਦ ਕਰੋ ਅਤੇ ਕ੍ਰਮਬੱਧ ਕਰੋ ਆਪਣੇ ਬੱਚੇ ਨੂੰ ਆਪਣੇ ਦਿਨ ਦਾ ਵਰਣਨ ਕਰੋ ਅਤੇ ਉਹਨਾਂ ਦੇ ਬਾਰੇ ਪੁੱਛੋ। ਇਹ ਨਾ ਸਿਰਫ਼ ਮੈਮੋਰੀ ਰੀਕਾਲ ਅਤੇ ਸੀਕੁਏਂਸਿੰਗ ਹੁਨਰਾਂ ਵਿੱਚ ਮਦਦ ਕਰਦਾ ਹੈ ਬਲਕਿ ਗੱਲਬਾਤ ਲਈ ਇੱਕ ਢਾਂਚਾਗਤ ਢਾਂਚਾ ਵੀ ਪ੍ਰਦਾਨ ਕਰਦਾ ਹੈ। ਇਹ ਤੁਹਾਨੂੰ ਉਨ੍ਹਾਂ ਦੇ ਦਿਨ ਅਤੇ ਉਹ ਕੀ ਕਰਦੇ ਹਨ ਬਾਰੇ ਜਾਣਨ ਦੀ ਆਗਿਆ ਦੇਵੇਗਾ. ਕਿੱਸੇ ਸਾਂਝੇ ਕਰੋ ਅਤੇ ਉਹਨਾਂ ਨੂੰ ਅਜਿਹਾ ਕਰਨ ਲਈ ਉਤਸ਼ਾਹਿਤ ਕਰੋ। ਉਨ੍ਹਾਂ ਦੇ ਵਿਚਾਰਾਂ ਦਾ ਵਿਸਥਾਰ ਕਰੋ ਆਪਣੇ ਬੱਚੇ ਦੇ ਸ਼ਬਦਾਂ ਨੂੰ ਧਿਆਨ ਨਾਲ ਸੁਣੋ, ਉਹਨਾਂ ਨੂੰ ਦੁਹਰਾਓ ਅਤੇ ਉਹਨਾਂ ਦਾ ਵਿਸਥਾਰ ਕਰੋ। ਉਹਨਾਂ ਨੂੰ ਉਹਨਾਂ ਦੇ ਵਾਕਾਂਸ਼ਾਂ ਵਿੱਚ ਸ਼ਬਦਾਂ ਨੂੰ ਜੋੜਨ ਲਈ ਵਿਚਾਰ ਦਿਓ। ਉਹਨਾਂ ਨੂੰ ਕਦੇ-ਕਦਾਈਂ ਵਿਆਖਿਆਤਮਕ ਕਹਾਣੀ ਸੁਣਾਉਣ ਲਈ ਉਤਸ਼ਾਹਿਤ ਕਰੋ। ਇਹ ਉਹਨਾਂ ਦੀ ਵਿਆਖਿਆਤਮਕ ਭਾਸ਼ਾ ਨਾਲ ਲੰਬੇ ਵਾਕਾਂ ਨੂੰ ਬੋਲਣ ਵਿੱਚ ਮਦਦ ਕਰੇਗਾ। ਇਹ ਨਾ ਸਿਰਫ਼ ਸਰਗਰਮ ਸੁਣਨ ਨੂੰ ਦਰਸਾਉਂਦਾ ਹੈ ਬਲਕਿ ਉਹਨਾਂ ਦੀ ਸ਼ਬਦਾਵਲੀ ਅਤੇ ਭਾਵਪੂਰਣਤਾ ਨੂੰ ਵਧਾਉਣ ਵਿੱਚ ਵੀ ਮਦਦ ਕਰਦਾ ਹੈ। ਸਰੀਰ ਦੀ ਭਾਸ਼ਾ ਜਾਗਰੂਕਤਾ ਆਪਣੇ ਬੱਚੇ ਨੂੰ ਸੰਚਾਰ ਵਿੱਚ ਸਰੀਰ ਦੀ ਭਾਸ਼ਾ ਦੀ ਮਹੱਤਤਾ ਸਿਖਾਓ। ਪ੍ਰਦਰਸ਼ਿਤ ਕਰੋ ਕਿ ਇਹ ਦਿਲਚਸਪੀ ਅਤੇ ਧਿਆਨ ਕਿਵੇਂ ਪ੍ਰਦਾਨ ਕਰਦਾ ਹੈ। ਗੈਰ-ਮੌਖਿਕ ਸੰਕੇਤਾਂ ਨੂੰ ਸਮਝਣਾ ਇੱਕ ਕੀਮਤੀ ਹੁਨਰ ਹੈ ਜੋ ਸੰਚਾਰ ਦੀ ਸਮੁੱਚੀ ਪ੍ਰਭਾਵਸ਼ੀਲਤਾ ਨੂੰ ਵਧਾਉਂਦਾ ਹੈ। ਰੁਝੇਵੇਂ ਵਾਲੀਆਂ ਗਤੀਵਿਧੀਆਂ ਆਪਣੇ ਬੱਚੇ ਦੀ ਰੁਟੀਨ ਵਿੱਚ ਬੋਲਣ-ਕੇਂਦ੍ਰਿਤ ਗਤੀਵਿਧੀਆਂ ਨੂੰ ਸ਼ਾਮਲ ਕਰੋ, ਜਿਵੇਂ ਕਿ ਚਿੱਤਰ ਮਜ਼ੇਦਾਰ, ਕਹਾਣੀ ਸੁਣਾਉਣਾ, ਅਤੇ ਅਲੋਪ ਹੋ ਰਹੇ ਟੈਕਸਟ ਨਾਲ ਗੇਮਾਂ। ਆਪਣੇ ਬੱਚੇ ਨੂੰ ਨਾਟਕ, ਜਨਤਕ ਭਾਸ਼ਣ, ਜਾਂ ਬਹਿਸ ਵਰਗੀਆਂ ਗਤੀਵਿਧੀਆਂ ਦੀ ਪੜਚੋਲ ਕਰਨ ਲਈ ਉਤਸ਼ਾਹਿਤ ਕਰੋ। ਇਹ ਪਲੇਟਫਾਰਮ ਨਾ ਸਿਰਫ਼ ਬੋਲਣ ਦਾ ਅਭਿਆਸ ਕਰਨ ਦੇ ਮੌਕੇ ਪ੍ਰਦਾਨ ਕਰਦੇ ਹਨ, ਸਗੋਂ ਦਰਸ਼ਕਾਂ ਦੇ ਸਾਹਮਣੇ ਆਤਮਵਿਸ਼ਵਾਸ ਅਤੇ ਸ਼ਾਂਤੀ ਵੀ ਪੈਦਾ ਕਰਦੇ ਹਨ। ਇਹ ਗਤੀਵਿਧੀਆਂ ਸਿੱਖਣ ਨੂੰ ਮਜ਼ੇਦਾਰ ਬਣਾਉਂਦੀਆਂ ਹਨ, ਬੋਲਣ ਦੇ ਹੁਨਰ ਦੇ ਵਿਕਾਸ ਨੂੰ ਇੱਕ ਖੇਡ ਅਨੁਭਵ ਵਿੱਚ ਬਦਲਦੀਆਂ ਹਨ। ਨਵੀਂ ਸ਼ਬਦਾਵਲੀ ਪੇਸ਼ ਕਰੋ ਗੱਲਬਾਤ ਦੌਰਾਨ, ਆਪਣੇ ਬੱਚੇ ਦੇ ਭਾਸ਼ਾ ਦੇ ਹੁਨਰ ਨੂੰ ਵਧਾਉਣ ਲਈ ਨਵੇਂ ਸ਼ਬਦਾਂ ਅਤੇ ਸੰਕਲਪਾਂ ਨੂੰ ਪੇਸ਼ ਕਰੋ। ਉਮਰ ਦੇ ਅਨੁਕੂਲ ਸ਼ਬਦਾਂ ਨੂੰ ਸ਼ਾਮਲ ਕਰਕੇ ਅਤੇ ਰੋਜ਼ਾਨਾ ਸੰਚਾਰ ਵਿੱਚ ਉਹਨਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਕੇ ਸਿੱਖਣ ਨੂੰ ਮਜ਼ੇਦਾਰ ਬਣਾਓ। ਉਹਨਾਂ ਨੂੰ "ਭਾਵਨਾਵਾਂ" ਸ਼ਬਦਾਵਲੀ ਬਣਾਉਣ ਵਿੱਚ ਮਦਦ ਕਰੋ, ਉਹਨਾਂ ਨੂੰ ਉਹਨਾਂ ਦੀਆਂ ਭਾਵਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਬਿਆਨ ਕਰਨ ਦੀ ਇਜਾਜ਼ਤ ਦਿੰਦੇ ਹੋਏ। ਕੈਮਬ੍ਰਿਜ ਦੇ ਅਨੁਸਾਰ, ਇਹ ਨਾ ਸਿਰਫ ਸੰਚਾਰ ਨੂੰ ਮਜ਼ਬੂਤ ਕਰਦਾ ਹੈ ਬਲਕਿ ਭਾਵਨਾਤਮਕ ਬੁੱਧੀ ਦਾ ਸਮਰਥਨ ਵੀ ਕਰਦਾ ਹੈ। ਆਪਣੇ ਬੱਚੇ ਨੂੰ ਪ੍ਰਦਾਨ ਕਰਨ ਲਈ ਉਤਸ਼ਾਹਿਤ ਕਰੋਗੱਲਬਾਤ ਦੌਰਾਨ ਮਜ਼ਾਕੀਆ, ਹਲਕੇ-ਦਿਲ, ਅਤੇ ਅਨੁਮਾਨਿਤ ਜਵਾਬ। ਇੱਕ ਚੰਚਲ ਮਾਹੌਲ ਬਣਾਉਣਾ ਬੋਲਣ ਨੂੰ ਵਧੇਰੇ ਮਜ਼ੇਦਾਰ ਬਣਾਉਂਦਾ ਹੈ ਅਤੇ ਉਹਨਾਂ ਦੀ ਰਚਨਾਤਮਕਤਾ ਨੂੰ ਵਧਾਉਂਦਾ ਹੈ। ਹਰ ਗੱਲਬਾਤ ਵਿਕਾਸ ਦਾ ਇੱਕ ਮੌਕਾ ਹੈ, ਅਤੇ ਉਹਨਾਂ ਨੂੰ ਰਚਨਾਤਮਕਤਾ ਦੀ ਆਦਤ ਅਨੁਸਾਰ ਢਾਲ ਕੇ, ਤੁਸੀਂ ਇੱਕ ਭਰੋਸੇਮੰਦ ਅਤੇ ਭਾਵਪੂਰਤ ਸੰਚਾਰਕ ਦੀ ਨੀਂਹ ਰੱਖ ਰਹੇ ਹੋ।

# ਪੰਜਾਬ ਸਰਕਾਰ ਵੱਲੋਂ ਪਸ਼ੂਆਂ ਨੂੰ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਉਣ ਲਈ ਵੱਡੇ ਪੱਧਰ ’ਤੇ ਟੀਕਾਕਰਨ ਮੁਹਿੰਮ ਸ਼ੁਰੂ

### ਪਸ਼ੂਧਨ ਨੂੰ ਬਿਮਾਰੀ ਤੋਂ ਬਚਾਉਣ ਲਈ ਐਫ.ਐਮ.ਡੀ. ਵੈਕਸੀਨ ਦੀਆਂ 68 ਲੱਖ ਤੋਂ ਵੱਧ ਡੋਜ਼ਾਂ ਕੀਤੀਆਂ ਪ੍ਰਾਪਤ : ਗੁਰਮੀਤ ਸਿੰਘ ਖੁੱਡੀਆਂ

ਚੰਡੀਗੜ੍ਹ, 10 ਦਸੰਬਰ (ਪੋਸਟ ਬਿਊਰੋ): ਸੂਬੇ ਵਿੱਚ ਮੂੰਹ-ਖੁਰ ਦੀ ਬਿਮਾਰੀ (ਐਫ.ਐਮ.ਡੀ.) ਨੂੰ ਰੋਕਣ ਲਈ, ਪੰਜਾਬ ਦੇ ਪਸ਼ੂ ਪਾਲਣ ਵਿਭਾਗ ਵੱਲੋਂ ਵੱਡੇ ਪੱਧਰ ’ਤੇ ਪਸ਼ੂਆਂ ਦੇ ਟੀਕਾਕਰਨ ਦੀ ਮੁਹਿੰਮ ਵਿੱਢੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਕੌਮੀ ਪਸ਼ੂ ਰੋਗ ਕੰਟਰੋਲ ਪ੍ਰੋਗਰਾਮ ਤਹਿਤ 68,45,300 ਐਫ.ਐਮ.ਡੀ. ਵੈਕਸੀਨ ਦੀਆਂ ਖੁਰਾਕਾਂ ਪ੍ਰਾਪਤ ਕੀਤੀਆਂ ਗਈਆਂ ਹਨ।

ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਹੁਣ ਤੱਕ ਲਗਭਗ 75 ਫ਼ੀਸਦ ਪਸ਼ੂਆਂ ਨੂੰ



ਕਵਰ ਕਰਦਿਆਂ ਕੁੱਲ 48,73,277 ਐਫ.ਐਮ.ਡੀ. ਵੈਕਸੀਨ ਡੋਜ਼ਾਂ ਲਗਾਈਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ 20 ਦਸੰਬਰ, 2023 ਤੱਕ 100 ਫ਼ੀਸਦ ਪਸ਼ੂਧਨ (ਲਗਭਗ 65,03,505) ਦਾ ਟੀਕਾਕਰਨ ਮੁਕੰਮਲ ਕੀਤਾ ਜਾਵੇਗਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਟੀਕਾਕਰਨ ਬਿਲਕੁਲ ਮੁਫ਼ਤ ਕੀਤਾ ਜਾ ਰਿਹਾ ਹੈ ਅਤੇ ਇਹ ਟੀਕਾਕਰਨ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਦੇ ਸਟਾਫ਼ ਵੱਲੋਂ ਪਸ਼ੂ ਪਾਲਕਾਂ/ਡੇਅਰੀ ਕਿਸਾਨਾਂ ਦੇ ਘਰ-ਘਰ ਜਾ ਕੇ ਕੀਤਾ ਜਾ ਰਿਹਾ ਹੈ। ਇਸ ਟੀਕਾਕਰਨ ਮੁਹਿੰਮ ਦਾ ਮੁੱਖ ਉਦੇਸ਼ ਪਸ਼ੂਆਂ ਨੂੰ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਉਣਾ ਹੈ, ਜਿਸ ਨੂੰ ਵਿਸ਼ਵ ਪੱਧਰ ’ਤੇ ਪਸ਼ੂਆਂ ਲਈ ਗੰਭੀਰ ਖਤਰਾ ਮੰਨਿਆ ਗਿਆ ਹੈ।

ਸੂਬੇ ਦੇ ਪਸ਼ੂ ਪਾਲਕਾਂ ਨੂੰ ਇਸ ਬਿਮਾਰੀ ਕਾਰਨ ਹੋਣ ਵਾਲੇ ਦੁੱਧ ਉਤਪਾਦਨ ਦੇ ਨੁਕਸਾਨ ਤੋਂ ਬਚਾਉਣ ਲਈ ਆਪਣੇ ਨੇੜਲੇ ਵੈਟਰਨਰੀ ਸੰਸਥਾਵਾਂ ਨਾਲ ਸੰਪਰਕ ਕਰਕੇ ਇਸ ਬਿਮਾਰੀ ਦੇ ਖਾਤਮੇ ਲਈ ਆਪਣੇ ਪਸ਼ੂਆਂ ਦਾ ਟੀਕਾਕਰਨ ਕਰਵਾਉਣ ਦੀ ਅਪੀਲ ਕਰਦਿਆਂ ਕੈਬਿਨਟ ਮੰਤਰੀ ਨੇ ਕਿਹਾ ਕਿ ਐਫ.ਐਮ.ਡੀ. ਦਾ ਆਰਥਿਕ ਪ੍ਰਭਾਵ ਬਹੁਤ ਜ਼ਿਆਦਾ ਹੈ।

# ਵਰਲਡ ਸਿੱਖ ਪਾਰਲੀਮੈਂਟ ਵਿਸ਼ਵ ਭਰ ਵਿੱਚ ਸਿੱਖਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਰਗਰਮ

ਵਾਸ਼ਿੰਗਟਨ, 10 ਦਸੰਬਰ (ਪੋਸਟ ਬਿਊਰੋ): ਵਰਲਡ ਸਿੱਖ ਪਾਰਲੀਮੈਂਟ ਦੇ ਡੈਲੀਗੇਟਾਂ, ਜਿਸ ਵਿੱਚ ਸੰਯੁਕਤ ਰਾਸ਼ਟਰ (ਯੂ.ਐਨ.) ਅਤੇ ਗੈਰ-ਸਰਕਾਰੀ ਸੰਗਠਨ (ਐਨ.ਜੀ.ਓ.) ਕੌਂਸਲ ਦੇ ਨੁਮਾਇੰਦੇ ਸ਼ਾਮਲ ਸਨ ਦੁਆਰਾ ਇੱਥੇ ਆਯੋਜਿਤ ਇੱਕ ਅਹਿਮ ਮੀਟਿੰਗ ਵਿੱਚ, ਸਿੱਖਾਂ ਦੀ ਸੁਰੱਖਿਆ ਤੇ ਵਿਸ਼ਵ ਪੱਧਰ 'ਤੇ ਸਿੱਖਾਂ ਦੀ ਭਲਾਈ ਪ੍ਰਤੀ ਵਚਨਬੱਧਤਾ ਪ੍ਰਗਟਾਈ ਗਈ। ਅੱਜ, ਦਸੰਬਰ 7, 2023 ਨੂੰ, ਵਾਸ਼ਿੰਗਟਨ ਡੀ.ਸੀ. ਵਿਖੇ, ਬਲਵਿੰਦਰ ਸਿੰਘ ਚੱਠਾ ਅਤੇ ਉੱਧਮ ਸਿੰਘ, ਦੀ ਨੁਮਾਇੰਦਗੀ ਕਰਦੇ ਹੋਏ, ਸੰਯੁਕਤ ਰਾਸ਼ਟਰ ਅਤੇ ਕੌਂਸਲ ਦੇ ਡੈਲੀਗੇਟਾਂ ਦੇ ਸਮੇਤ, ਯੂ ਐਸ ਕਾਂਗਰਸ ਵਿਖੇ ਵਿਸ਼ਵ ਭਰ ਵਿੱਚ ਸਿੱਖਾਂ ਦੀ ਸੁਰੱਖਿਆ ਅਤੇ ਭਲਾਈ ਦੀ ਵਕਾਲਤ ਕਰਨ ਲਈ ਇੰਨਾਂ ਮਹੱਤਵਪੂਰਨ ਅਮਰੀਕੀ ਸਰਕਾਰ ਦੇ ਸਮਾਗਮਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ।





ਸੈਨੇਟ ਵਿਚ ਅੰਤਰ-ਰਾਸ਼ਟਰੀ ਦਮਨ ਬਿੱਲ (ਟਰਾਂਸ ਨੈਸ਼ਨਲ ਰਿਪਰੈਸ਼ਨ ) ਦੀ ਸੁਣਵਾਈ ਵਿੱਚ ਵਰਲਡ ਸਿੱਖ ਪਾਰਲੀਮੈਂਟ ਦੇ ਨੁਮਾਇੰਦਿਆਂ ਦੀ ਸ਼ਮੂਲੀਅਤ ਨੇ ਅੰਤਰ-ਰਾਸ਼ਟਰੀ ਪੱਧਰ ਤੇ ਸਰਕਾਰੀ ਜੁਲਮ ਦਾ ਮੁਕਾਬਲਾ ਕਰਨ ਵਾਲੇ ਸੰਵਿਧਾਨਕ ਤਰੀਕਿਆਂ ਦੀ ਵਕਾਲਤ ਕਰਨ ਲਈ ਸਮੂਹਿਕ ਤੌਰ ਤੇ ਸਮਰਪਣ ਦੀ ਭਾਵਨਾ ਨਾਲ ਕੰਮ ਕਰਨ ਲਈ ਅਪਣੀ ਵਚਨਬੱਧਤਾ ਨੂੰ ਦੁਹਰਾਇਆ।

ਇਸ ਸਾਂਝੇ ਯਤਨ ਨੇ ਅਜਿਹੇ ਮਾਮਲਿਆਂ ਨੂੰ ਹੱਲ ਕਰਨ ਅਤੇ ਰੋਕਣ ਦੀ ਫੌਰੀ ਲੋੜ 'ਤੇ ਜ਼ੋਰ ਦਿੱਤਾ ਜਿੱਥੇ ਵਿਅਕਤੀਆਂ ਨੂੰ ਅੰਤਰਰਾਸ਼ਟਰੀ ਸਰਹੱਦਾਂ ਤੋਂ ਪਾਰ ਦਮਨ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਤੋਂ ਇਲਾਵਾ, ਅੰਤਰਰਾਸ਼ਟਰੀ ਧਾਰਮਿਕ ਸੁਤੰਤਰਤਾ ਸਮਾਗਮ ਵਿੱਚ ਉਹਨਾਂ ਦੀ ਭਾਗੀਦਾਰੀ ਨੇ ਸਿੱਖਾਂ, ਖਾਸ ਤੌਰ 'ਤੇ ਭਾਰਤ ਦੇ ਕਬਜ਼ੇ ਵਾਲੇ ਪੰਜਾਬ ਵਿੱਚ ਵੱਡੇ ਪੱਧਰ ਤੇ ਹੋਏ ਅਤਿਆਚਾਰ ਅਤੇ ਵਿਤਕਰੇ ਬਾਰੇ ਵੀ ਚਾਨਣਾ ਪਾਇਆ। ਯੂਐਸ ਸਟੇਟ ਡਿਪਾਰਟਮੈਂਟ ਦੇ ਰਾਜਦੂਤ ਤੋਂ ਰਿਪੋਰਟਾਂ ਦੀ ਸਪੁਰਦਗੀ ਦੁਆਰਾ, ਉਹਨਾਂ ਨੇ ਵਿਸ਼ਵਵਿਆਪੀ ਜਾਗਰੂਕਤਾ ਅਤੇ ਕਾਰਵਾਈ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਿੱਖਾਂ ਨੂੰ ਦਰਪੇਸ਼ ਚੁਣੌਤੀਆਂ ਅਤੇ ਮੁਸੀਬਤਾਂ ਵੱਲ ਧਿਆਨ ਦਿਵਾਇਆ।

ਸਿੱਖ ਨੁਮਾਇੰਦਿਆਂ ਨੇ ਕਈ ਘਟਨਾਵਾਂ ਬਾਰੇ ਗੱਲ ਕੀਤੀ ਜਿੱਥੇ ਸਿੱਖਾਂ ਨੂੰ ਵਿਸ਼ਵ ਪੱਧਰ 'ਤੇ ਭਾਰਤ ਦੁਆਰਾ ਕੀਤੇ ਗਏ ਅੰਤਰ-ਰਾਸ਼ਟਰੀ ਜਬਰ ਦਾ ਸਾਹਮਣਾ ਕਰਨਾ ਪਿਆ ਹੈ। ਇਸ ਸਾਂਝੇ ਯਤਨ ਨੇ ਅੰਤਰਰਾਸ਼ਟਰੀ ਪੱਧਰ ਉੱਤੇ ਧਿਆਨ ਅਤੇ ਦਖਲ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ, ਸਿੱਖਾਂ ਨੂੰ ਦਰਪੇਸ਼ ਸਰਹੱਦ-ਪਾਰ ਦੇ ਦਮਨ ਦੇ ਵਿਆਪਕ ਮੁੱਦੇ ਨੂੰ ਉਜਾਗਰ ਕਰਨ ਵਿੱਚ ਮਦਦ ਕੀਤੀ।

ਇਹਨਾਂ ਸਮਾਗਮਾਂ ਵਿੱਚ ਦੇ ਮੈਂਬਰਾਂ, ਸੰਯੁਕਤ ਰਾਸ਼ਟਰ ਦੇ ਡੈਲੀਗੇਟਾਂ ਅਤੇ ਕੌਂਸਲ ਦੇ ਨੁਮਾਇੰਦਿਆਂ ਦੀ ਸਾਂਝੀ ਸ਼ਮੂਲੀਅਤ ਵਿਸ਼ਵ ਭਰ ਵਿੱਚ ਸਿੱਖਾਂ ਦੇ ਅਧਿਕਾਰਾਂ ਅਤੇ ਸੁਰੱਖਿਆ ਦੀ ਵਕਾਲਤ ਕਰਨ ਲਈ ਉਹਨਾਂ ਵੱਲੋਂ ਸਮਰਪਤ ਹੋ ਕੇ ਕੀਤੇ ਜਾ ਰਹੇ ਕੰਮਾਂ ਨੂੰ ਦਰਸਾਉਂਦੀ ਹੈ। ਜਿਸ ਨਾਲ ਕੇ ਦੇ ਸਿੱਖ ਨੁਮਾਇੰਦੇ ਇਹ ਯਕੀਨੀ ਬਣਾਉਣ ਦੀ ਹਮੇਸ਼ਾ ਕੋਸ਼ਿਸ਼ ਕਰਦੇ ਹਨ ਕਿ ਸਿੱਖ ਕੌਮ ਦੀਆਂ ਆਵਾਜ ਅਤੇ ਸਮੱਸਿਆਵਾਂ ਨੂੰ ਵਿਸ਼ਵ ਪੱਧਰ 'ਤੇ ਸੁਣਿਆ ਅਤੇ ਹੱਲ ਕੀਤਾ ਜਾਵੇ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3’’, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# Dr. Randhawa Dentistry

*Your own dentist who really cares for you*

**We Provide the following Services:**

- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

**Dr. Samreet Kaur Randhawa**
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

**NEW LOCATION**
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

Mayfield Rd
Mcvean Dr
Gore Rd
DENTISTRY
Squire Ellis Dr
Countryside Dr

**INVISALIGN & BRACES INCLUDING CLEAR BRACES**
*Invisible Braces* ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
*Show Your Smile More With Invisible Braces!*

**FIRST LOCATION**
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

# Grand Upholstery Ltd

**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

**Tel: 905.791.2888 Cell: 647.293.3212**
2053 Williams Pkwy, Unit -45, Brampton | Email: grandupholstery@gmail.com

# 72 hours.

## One thing you can't live without.

Internet?
Cell phone?
Television?



Tap water?

**Tap water - safe, reliable, and high quality.**

peelregion.ca/fp

Peel Region
working with you

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

**Call: 416.524.6704**
**www.hkmovers.ca**

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES










FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017